SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 238 | Tuesday, December 13, 2022 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਟੈਂਟ ਵਿੱਚ ਅੱਗ ਲੱਗਣ ਕਾਰਨ ਇੱਕ ਜ਼ਖਮੀ



ਟੋਰਾਂਟੋ, 12 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਵਿੱਚ ਗਾਰਡੀਨਰ ਐਕਸਪ੍ਰੈੱਸਵੇਅ ਦੇ ਹੇਠਾਂ ਲਾਏ ਗਏ ਟੈਂਟ ਵਿੱਚ ਅੱਗ ਲੱਗ ਜਾਣ ਕਾਰਨ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।

ਟੋਰਾਂਟੋ ਪੁਲਿਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਉਨ੍ਹਾਂ ਨੂੰ ਸਪੈਡਿਨਾ ਐਵਨਿਊ ਨੇੜੇ ਅੱਧੀ ਰਾਤ ਤੋਂ ਠੀਕ ਪਹਿਲਾਂ ਇਹ ਘਟਨਾ ਵਾਪਰਨ ਦੀ ਜਾਣਕਾਰੀ ਮਿਲੀ। ਜਾਂਚਕਾਰਾਂ ਦਾ ਕਹਿਣਾ ਹੈ ਕਿ ਜਿਸ ਇਲਾਕੇ ਵਿੱਚ ਅੱਗ ਲੱਗੀ ਸੀ ਟੈਂਟ ਵੀ ਉੱਥੇ ਹੀ ਮਿਲਿਆ ਪਰ ਇਸ ਗੱਲ ਦੀ ਕੋਈ ਪੁਸ਼ਟੀ ਨਹੀਂ ਹੋ ਸਕਦੀ ਕਿ ਜਿਸ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ ਉਹ ਉਸ ਟੈਂਟ ਵਿੱਚ ਹੀ ਰਹਿ ਰਿਹਾ ਸੀ।

ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਜਾਨਲੇਵਾ ਜ਼ਖ਼ਮਾਂ ਨਾਲ ਟਰੌਮਾ ਸੈਂਟਰ ਲਿਜਾਇਆ ਗਿਆ।

## ਟੋਰਾਂਟੋ ਵਿੱਚ ਇੱਕ ਵਿਅਕਤੀ ਨੂੰ ਕੁੱਟ ਕੁੱਟ ਕੇ ਬੇਸੁੱਧ ਕਰਨ ਦੇ ਮਾਮਲੇ ਵਿੱਚ 3 ਗ੍ਰਿਫਤਾਰ

ਟੋਰਾਂਟੋ, 12 ਦਸੰਬਰ (ਪੋਸਟ ਬਿਊਰੋ) : ਇੱਕ ਵਿਅਕਤੀ ਉੱਤੇ ਹਮਲਾ ਕਰਨ ਤੇ ਕੁੱਟ ਕੁੱਟ ਕੇ ਉਸ ਨੂੰ ਅੱਧਮਰਿਆ ਕਰਨ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਵੱਲੋਂ ਕਈ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਐਤਵਾਰ ਨੂੰ ਰਾਤੀਂ 9:30 ਵਜੇ ਦੇ ਨੇੜੇ ਤੇੜੇ ਡਫਰਿਨ ਸਟੇਸ਼ਨ ਦੇ ਲਾਗੇ ਬਲੂਅਰ ਸਟਰੀਟ ਵੈਸਟ ਤੇ ਡਫਰਿਨ ਸਟਰੀਟ ਇਲਾਕੇ ਵਿੱਚ ਜਾਂਚਕਾਰਾਂ ਨੂੰ ਸੱਦਿਆ ਗਿਆ। ਥੋੜ੍ਹੀ ਜਿਹੀ ਜਾਣਕਾਰੀ ਹੀ ਪੁਲਿਸ ਵੱਲੋਂ ਇਸ ਮਾਮਲੇ ਵਿੱਚ ਮੁਹੱਈਆ ਕਰਵਾਈ ਗਈ।



ਇੱਕ ਜਾਂਚਕਾਰ ਦਾ ਕਹਿਣਾ ਹੈ ਕਿ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਇਆ ਹੈ।

ਇਸ ਹਮਲੇ ਤੋਂ ਬਾਅਦ ਇਹ ਵਿਅਕਤੀ ਇੰਟਰਸੈਕਸ਼ਨ ਉੱਤੇ ਬੇਸੁੱਧ ਪਿਆ ਮਿਲਿਆ। ਪੁਲਿਸ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਜ਼ਖ਼ਮੀ ਵਿਅਕਤੀ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ।

## ਕਾਂਗੋ ਵਿਚ ਬਾਗੀਆਂ ਨੇ ਮਚਾਈ ਤਬਾਹੀ, 131 ਨਾਗਰਿਕ ਮਾਰੇ, 22 ਔਰਤਾਂ ਨਾਲ ਕੀਤਾ ਬਲਾਤਕਾਰ

ਕਾਂਗੋ, 12 ਦਸੰਬਰ (ਪੋਸਟ ਬਿਊਰੋ)- ਕਾਂਗੋ ਦੇ ਪੂਰਬੀ ਲੋਕਤੰਤਰੀ ਗਣਰਾਜ (ਡੀ.ਆਰ.ਸੀ.) ਵਿਚ, ਐੱਮ 23 ਵਿਦਰੋਹੀਆਂ ਨੇ 17 ਔਰਤਾਂ ਅਤੇ 12 ਬੱਚਿਆਂ ਸਮੇਤ ਘੱਟੋ ਘੱਟ 131 ਨਾਗਰਿਕਾਂ ਨੂੰ ਮਾਰ ਦਿੱਤਾ। ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਦੇ ਮੁੱਖ ਬੁਲਾਰੇ ਸਟੀਫਨ ਡੂਜਾਰਿਕ ਨੇ ਵੀਰਵਾਰ ਨੂੰ ਕਿਹਾ, "ਹੋਰ ਅੱਠ ਲੋਕਾਂ ਨੂੰ ਗੋਲੀ ਮਾਰ ਕੇ ਜਖਮੀ ਕਰ ਦਿੱਤਾ ਗਿਆ, 60 ਲੋਕਾਂ ਨੂੰ ਅਗਵਾ ਕਰ ਲਿਆ ਗਿਆ। ਇਸ ਦੇ ਨਾਲ ਹੀ ਘੱਟੋ-ਘੱਟ 22 ਔਰਤਾਂ ਅਤੇ ਪੰਜ ਲੜਕੀਆਂ ਨਾਲ ਬਲਾਤਕਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਡੇ ਸਾਥੀਆਂ ਨੇ ਸਾਨੂੰ ਦੱਸਿਆ ਕਿ ਪੀੜਤਾਂ ਨੂੰ ਗੋਲੀਆਂ ਅਤੇ ਚਾਕੂਆਂ ਨਾਲ ਮਾਰਿਆ ਗਿਆ ਸੀ। ਦੁਜਾਰਿਕ ਨੇ ਕਿਹਾ, "ਸੰਯੁਕਤ ਰਾਸਟਰ ਮਿਸ਼ਨ, ਜੋ ਕਿ ਮੋਨੂਸਕੋ ਵਜੋਂ ਜਾਣਿਆ ਜਾਂਦਾ ਹੈ। 29 ਅਤੇ 30 ਨਵੰਬਰ ਨੂੰ ਉੱਤਰੀ ਕਿਵੂ ਸੂਬੇ ਦੇ ਰੁਤਸੁਰੂ ਖੇਤਰ ਦੇ ਕਿਸੀਸੇ ਅਤੇ ਬਾਂਬੋ ਪਿੰਡਾਂ ਵਿੱਚ ਨਾਗਰਿਕਾਂ 'ਤੇ ਹਮਲਿਆਂ ਦੀ ਜਾਂਚ ਕਰਨ ਤੋਂ ਬਾਅਦ ਇਸਦੀ ਪੁਸ਼ਟੀ ਹੋਈ ਹੈ। ਉਨ੍ਹਾਂ ਕਿਹਾ, "ਸੰਯੁਕਤ ਰਾਸਟਰ ਸਾਂਤੀ ਰੱਖਿਆ ਮਿਸ਼ਨ ਨਾਗਰਿਕਾਂ ਵਿਰੁੱਧ ਇਸ ਬੇਕਾਇਦ ਹਿੰਸਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ ਅਤੇ ਪੀੜਤਾਂ ਨੂੰ ਐਮਰਜੈਂਸੀ ਮਾਨਵਤਾਵਾਦੀ ਸਹਾਇਤਾ ਪ੍ਰਦਾਨ ਕਰਨ ਦੀ ਮੰਗ ਕਰਦਾ ਹੈ। ਉਨ੍ਹਾਂ ਕਿਹਾ ਕਿ ਮਿਸ਼ਨ ਪੀੜਤਾਂ ਨੂੰ ਨਿਆਂ ਦਿਵਾਉਣ ਦੀਆਂ ਕੋਸ਼ਿਸ਼ਾਂ ਵਿੱਚ ਸਹਾਇਤਾ ਕਰਨ ਲਈ ਤਿਆਰ ਹੈ ਅਤੇ ਨਾਗਰਿਕਾਂ ਵਿਰੁੱਧ ਹਿੰਸਾ ਨੂੰ ਤੁਰੰਤ ਬੰਦ ਕਰਨ ਦੀ ਮੰਗ ਕਰਦਾ ਹੈ।

## ਯਮਨ ਦੇ ਗ੍ਰਹਿ ਯੁੱਧ ਵਿਚ 11 ਹਜਾਰ ਤੋਂ ਵੱਧ ਬੱਚੇ ਮਰੇ ਜਾਂ ਅਪੰਗ ਹੋਏ: ਸੰਯੁਕਤ ਰਾਸ਼ਟਰ

ਯੂਐਨ, 12 ਦਸੰਬਰ (ਪੋਸਟ ਬਿਊਰੋ)- ਸੰਯੁਕਤ ਰਾਸ਼ਟਰ (ਯੂਐਨ) ਨੇ ਸੋਮਵਾਰ ਨੂੰ ਕਿਹਾ ਕਿ ਯਮਨ ਵਿੱਚ ਅੱਠ ਸਾਲਾਂ ਤੋਂ ਚੱਲ ਰਹੇ ਗ੍ਰਹਿ ਯੁੱਧ ਵਿੱਚ ਹੁਣ ਤੱਕ 11 ਹਜਾਰ ਤੋਂ ਵੱਧ ਬੱਚੇ ਮਾਰੇ ਜਾ ਚੁੱਕੇ ਹਨ ਜਾਂ ਸਰੀਰਕ ਤੌਰ 'ਤੇ ਅਪੰਗ ਹੋ ਚੁੱਕੇ ਹਨ। ਬੱਚਿਆਂ ਲਈ ਕੰਮ ਕਰਨ ਵਾਲੀ ਏਜੰਸੀ ਯੂਨੀਸੇਫ ਨੇ ਦੁਨੀਆ ਦੇ ਸਭ ਤੋਂ ਬੁਰੇ ਮਨੁੱਖੀ ਸੰਕਟ ਦੇ ਪੀੜਤਾਂ ਬਾਰੇ ਕਿਹਾ, "ਇਸ ਸੰਘਰਸ਼ ਦਾ ਅਸਲ ਅੰਕੜਾ ਇਸ ਤੋਂ ਕਿਤੇ ਵੱਧ ਹੋ ਸਕਦਾ ਹੈ।" ਯੂਨੀਸੇਫ ਦੇ ਕਾਰਜਕਾਰੀ ਨਿਰਦੇਸ਼ਕ ਕੈਥਰੀਨ ਰਸਲ ਨੇ ਕਿਹਾ, "ਹਜ਼ਾਰਾਂ ਬੱਚਿਆਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਹਨ, ਸੈਂਕੜੇ ਹਜ਼ਾਰਾਂ ਹੋਰ ਰੋਕਥਾਮ ਯੋਗ ਬਿਮਾਰੀ ਜਾਂ ਭੁੱਖਮਰੀ ਕਾਰਨ ਮੌਤ ਦੇ ਖ਼ਤਰੇ ਵਿੱਚ ਹਨ।"

ਯੂਨੀਸੇਫ ਨੇ ਕਿਹਾ ਕਿ ਲਗਭਗ ਸਵਾ 2 ਮਿਲੀਅਨ ਯਮੇਨੀ ਬੱਚੇ ਗੰਭੀਰ ਕੁਪੋਸ਼ਣ ਦਾ ਸ਼ਿਕਾਰ ਹਨ, ਜਿਨ੍ਹਾਂ ਵਿੱਚੋਂ ਇੱਕ ਚੌਥਾਈ ਪੰਜ ਸਾਲ ਤੋਂ ਘੱਟ ਉਮਰ ਦੇ ਹਨ ਅਤੇ ਜ਼ਿਆਦਾਤਰ ਹੈਜ਼ਾ, ਖਸਰਾ ਅਤੇ ਹੋਰ ਵੈਕਸੀਨ-ਰੋਕਥਾਮ ਵਾਲੀਆਂ ਬਿਮਾਰੀਆਂ ਦੇ ਉੱਚ ਜੋਖਮ ਵਿੱਚ ਹਨ। 2014 ਵਿੱਚ ਯਮਨ ਦੀ ਲੜਾਈ ਸ਼ੁਰੂ ਹੋਈ ਸੀ ਅਤੇ ਇਰਾਨ-ਸਮਰਥਿਤ ਹੂਥੀ ਬਾਗੀਆਂ ਨੇ ਛੇਤੀ ਹੀ ਰਾਜਧਾਨੀ ਸਨਾ ਉੱਤੇ ਕਬਜ਼ਾ ਕਰ ਲਿਆ ਸੀ, ਜਿਸ ਨਾਲ ਅਗਲੇ ਸਾਲ ਸਰਕਾਰ ਉੱਤੇ ਕਬਜ਼ਾ ਕਰਨ ਲਈ ਸਾਊਦੀ ਦੀ



ਅਗਵਾਈ ਵਾਲੀ ਫੌਜ ਨੂੰ ਦਖਲ ਦੇਣ ਲਈ ਪ੍ਰੇਰਿਤ ਕੀਤਾ ਗਿਆ ਸੀ। ਲੜਾਈ ਦੇ ਨਤੀਜੇ ਵਜੋਂ ਸਿੱਧੇ ਜਾਂ ਅਸਿੱਧੇ ਤੌਰ 'ਤੇ ਅਸੁਰੱਖਿਅਤ ਪੀਣ ਵਾਲੇ ਪਾਣੀ, ਬਿਮਾਰੀਆਂ ਦੇ ਫੈਲਣ, ਭੁੱਖਮਰੀ ਅਤੇ ਹੋਰ ਪ੍ਰਭਾਵਾਂ ਦੇ ਕਾਰਨ ਸੈਂਕੜੇ ਹਜ਼ਾਰਾਂ ਲੋਕ ਮਾਰੇ ਗਏ ਹਨ। ਏਜੰਸੀ ਦੇ ਤਾਜ਼ਾ ਅੰਕੜੇ ਮਾਰਚ 2015 ਤੋਂ ਸਤੰਬਰ 2022 ਦਰਮਿਆਨ 3,774 ਬੱਚਿਆਂ ਦੀ ਮੌਤ ਦੀ ਪੁਸ਼ਟੀ ਕਰਦੇ ਹਨ। ਸੰਯੁਕਤ ਰਾਸ਼ਟਰ ਦੀ ਵਿਚੋਲਗੀ ਵਾਲੀ ਜੰਗਬੰਦੀ ਛੇ ਮਹੀਨੇ 2 ਅਕਤੂਬਰ ਤੱਕ ਚੱਲੀ। ਉਦੋਂ ਤੋਂ ਹੁਣ ਤੱਕ ਘੱਟੋ-ਘੱਟ 62 ਬੱਚੇ ਮਾਰੇ ਜਾਂ ਜ਼ਖ਼ਮੀ ਹੋ ਚੁੱਕੇ ਹਨ। ਸੰਯੁਕਤ ਰਾਸ਼ਟਰ ਏਜੰਸੀ ਨੇ ਇਹ ਵੀ ਕਿਹਾ ਕਿ ਪਿਛਲੇ ਕੁਝ ਸਾਲਾਂ ਵਿੱਚ 3,904 ਲੜਕਿਆਂ ਨੂੰ ਲੜਾਈ ਵਿੱਚ ਭਰਤੀ ਕੀਤਾ ਗਿਆ ਸੀ ਅਤੇ 90 ਤੋਂ ਵੱਧ ਲੜਕੀਆਂ ਨੂੰ ਚੈਕਪੁਆਇੰਟਾਂ 'ਤੇ ਕੰਮ ਕਰਨ ਵਰਗੇ ਕੰਮ ਦਿੱਤੇ ਗਏ ਸਨ। ਯੂਨੀਸੇਫ ਨੇ ਮਾਨਵਤਾਵਾਦੀ ਸੰਕਟ ਨਾਲ ਨਜਿੱਠਣ ਲਈ 484 ਮਿਲੀਅਨ ਡਾਲਰ ਦੀ ਫੰਡਿੰਗ ਦੀ ਅਪੀਲ ਕੀਤੀ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan
Certified Instructor
Cell: 416 726 6206 Tel: 905 405 0001

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Royal Pest Control
Residential Commercial Industrial
Specialist in Bedbugs Service
All Pest Control
Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598

Mortgage! We Will Beat Any Rate !!!
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਚਿਰਾਂ ਤੋਂ ਰਿੜਕਦਾ ਮੁੱਦਾ ਈ ਪਾਣੀਆਂ ਦਾ,
ਇਸ ਦਾ ਨਿਕਲਦਾ ਹਾਲੇ ਨਹੀਂ ਹੱਲ ਬੇਲੀ।
ਅਦਾਲਤ ਵੱਡੀ ਤੋਂ ਰਾਜ ਦਰਬਾਰ ਤੀਕਰ,
ਮੁੜ-ਮੁੜ ਹੁੰਦੀ ਪਈ ਥੱਲ-ਪੁਥੱਲ ਬੇਲੀ।
ਰਾਜਾਂ ਵਾਲੇ ਜਾਂ ਕੇਂਦਰ ਵਿੱਚ ਰਾਜ-ਕਰਤੇ,
ਲਾਹੁੰਦੇ ਰਹਿੰਦੇ ਬਈ ਵਾਲ਼ ਦੀ ਖੱਲ ਬੇਲੀ।
ਸਤਲੁਜ-ਬਿਆਸ ਦੀ ਜਦੋਂ ਸੀ ਬਾਤ ਚੱਲੀ,
ਪੰਜਾਬ ਨੇ ਛੇੜ'ਤੀ ਯਮੁਨਾ ਦੀ ਗੱਲ ਬੇਲੀ।
ਜੋੜਨਾ ਚਾਹੀਦਾ ਘੱਗਰ ਵੀ ਨਾਲ ਉਸ ਦੇ,
ਕੀਤੀ ਆ ਕੇਂਦਰ ਦਲੀਲ ਸਭ ਰੱਦ ਬੇਲੀ।
ਮੁੜ ਮੁੜ ਧੱਕਾ ਪੰਜਾਬ ਨਾਲ ਰਿਹਾ ਹੁੰਦਾ,
ਹੋਈ ਪਈ ਧੱਕੇ ਦੀ ਨਵੀਂ ਆ ਹੱਦ ਬੇਲੀ।

**ਤੀਸ ਮਾਰ ਖਾਂ**

# ਮੁੱਖ ਮੰਤਰੀ ਨੇ ਪੰਜਾਬੀ ਬੋਲਣ 'ਤੇ ਪਾਬੰਦੀ ਲਾਉਣ ਵਾਲੀਆਂ ਸਿੱਖਿਆ ਸੰਸਥਾਵਾਂ ਨੂੰ ਸਖ਼ਤ ਕਾਰਵਾਈ ਦੀ ਦਿੱਤੀ ਚੇਤਾਵਨੀ

* ਪੰਜਾਬ ਨੂੰ ਦੁਨੀਆ ਭਰ ਵਿੱਚੋਂ ਨੰਬਰ ਇਕ ਸੂਬਾ ਬਣਾਉਣ ਲਈ ਨੌਜਵਾਨਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦੀ ਕੀਤੀ ਅਪੀਲ * ਪੰਜਾਬੀ ਯੂਨੀਵਰਸਿਟੀ ਵਿੱਚ ਅੰਤਰ-'ਵਰਸਿਟੀ ਯੁਵਕ ਮੇਲੇ ਦੇ ਸਮਾਪਤੀ ਸਮਾਰੋਹ ਦੀ ਕੀਤੀ ਪ੍ਰਧਾਨਗੀ

ਪਟਿਆਲਾ, 12 ਦਸੰਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸਖ਼ਤ ਤਾੜਨਾ ਕਰਦੇ ਹੋਏ ਕਿਹਾ ਹੈ ਕਿ ਜਿਹੜੀਆਂ ਸਿੱਖਿਆ ਸੰਸਥਾਵਾਂ ਆਪਣੇ ਕੈਂਪਸ ਵਿੱਚ ਪੰਜਾਬੀ ਭਾਸ਼ਾ ਬੋਲਣ ਉਤੇ ਪਾਬੰਦੀ ਲਾਉਣਗੀਆਂ, ਉਨ੍ਹਾਂ ਵਿਰੁੱਧ ਸੂਬਾ ਸਰਕਾਰ ਕਰੜੀ ਕਾਰਵਾਈ ਕਰੇਗੀ।

ਇੱਥੇ ਪੰਜਾਬੀ ਯੂਨੀਵਰਸਿਟੀ ਵਿੱਚ ਅੰਤਰ-ਯੂਨੀਵਰਸਿਟੀ ਯੁਵਕ ਮੇਲੇ ਦੇ ਆਖ਼ਰੀ ਦਿਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਸਿੱਖਿਆ ਸੰਸਥਾਵਾਂ ਆਪਣੇ ਕੈਂਪਸਾਂ ਵਿੱਚ ਪੰਜਾਬੀ ਬੋਲਣ ਉਤੇ ਜੁਰਮਾਨੇ ਲਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਗੈਰ-ਵਾਜਬ ਹੈ ਕਿਉਂਕਿ ਸੂਬੇ ਵਿੱਚ ਰਹਿੰਦੇ ਸਾਰੇ ਪੰਜਾਬੀਆਂ ਦੀ ਮਾਂ-ਬੋਲੀ ਪੰਜਾਬੀ ਹੈ। ਭਗਵੰਤ ਮਾਨ ਨੇ ਅਜਿਹੀਆਂ ਸਿੱਖਿਆ ਸੰਸਥਾਵਾਂ ਨੂੰ ਚੇਤਾਵਨੀ ਦਿੱਤੀ ਕਿ ਜੇ ਉਨ੍ਹਾਂ ਅਜਿਹੇ ਜੁਰਮਾਨੇ ਲਾਏ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਦਮ ਚੁੱਕਿਆ ਜਾਵੇਗਾ।

ਪੰਜਾਬ ਨੂੰ ਦੁਨੀਆ ਭਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਨੌਜਵਾਨਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਅਤੇ ਪੰਜਾਬ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਕੋਲ ਨੌਜਵਾਨਾਂ ਦੀ ਅਥਾਹ ਤਾਕਤ ਤੇ ਹੁਨਰ ਦਾ ਭੰਡਾਰ ਹੈ, ਜਿਹੜਾ ਸਮਾਜ ਵਿੱਚ ਉਸਾਰੂ ਤਬਦੀਲੀ ਲਿਆਉਣ ਲਈ ਹਮੇਸ਼ਾ ਪ੍ਰੇਰਕ ਵਜੋਂ ਕੰਮ ਕਰਦਾ ਹੈ। ਉਨ੍ਹਾਂ ਕਿਹਾ ਕਿ ਸਮਾਂ ਆ ਗਿਆ ਹੈ ਜਦੋਂ ਨੌਜਵਾਨ ਸੂਬੇ ਤੇ ਸਮਾਜ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਉਸਾਰੂ ਯੋਗਦਾਨ ਪਾਉਣ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਭਲਾਈ ਤੇ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਮਹਾਨ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ-ਫਕੀਰਾਂ, ਪੈਗੰਬਰਾਂ ਤੇ ਸੰਤਾਂ ਦੀ ਧਰਤੀ ਹੈ, ਜਿਨ੍ਹਾਂ ਪੰਜਾਬੀਆਂ ਨੂੰ ਜਬਰ-ਜ਼ੁਲਮ ਤੇ ਬੇਇਨਸਾਫ਼ੀ ਵਿਰੁੱਧ ਲੜਨ ਦੀ ਸਿੱਖਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹਰੇਕ ਸੰਕਟ ਮਗਰੋਂ ਜੇਤੂ ਹੋ ਕੇ ਨਿਕਲਿਆ ਹੈ ਅਤੇ ਸਫ਼ਲਤਾ ਦੀ ਨਵੀਂ ਕਹਾਣੀ ਲਿਖੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਸੂਬਾ ਸਰਕਾਰ ਦੀਆਂ ਅਣਥੱਕ ਕੋਸ਼ਿਸ਼ਾਂ ਨਾਲ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਹੋਵੇਗੀ।

ਮੁੱਖ ਮੰਤਰੀ ਨੇ ਸਪੱਸ਼ਟ ਆਖਿਆ ਕਿ ਸੂਬਾ ਸਰਕਾਰ ਨੇ ਸਿੱਖਿਆ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਹਰੇਕ ਵਿਅਕਤੀ ਦੀ ਸਫ਼ਲਤਾ ਲਈ ਕੁੰਜੀ ਦਾ ਕੰਮ ਕਰਦੀ ਹੈ ਅਤੇ ਸੂਬੇ ਦੇ ਨੌਜਵਾਨਾਂ ਨੂੰ ਮਿਆਰੀ ਸਿੱਖਿਆ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਾਂਗੇ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਸਿੱਖਿਆ ਢਾਂਚੇ ਦੀ ਮਜ਼ਬੂਤੀ ਤੇ ਕਾਇਆ-ਕਲਪ ਲਈ ਸੂਬਾ ਸਰਕਾਰ ਕੋਲ ਵੱਡੀ ਗਿਣਤੀ ਵਿੱਚ ਫੰਡ ਮੌਜੂਦ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਵੱਡੇ ਪੱਧਰ ਉਤੇ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਵੱਖ-ਵੱਖ ਵਿਭਾਗਾਂ ਵਿਚ ਭਰਤੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਭਗਵੰਤ ਮਾਨ ਨੇ ਦੱਸਿਆ ਕਿ ਹੁਣ ਤੱਕ 20,000 ਤੋਂ ਵੱਧ ਸਰਕਾਰੀ ਨੌਕਰੀਆਂ ਦੇ ਨਿਯੁਕਤੀ ਪੱਤਰ ਨੌਜਵਾਨਾਂ ਨੂੰ ਸੌਂਪ ਦਿੱਤੇ ਹਨ ਅਤੇ ਹੋਰ ਭਰਤੀ ਵੀ ਪ੍ਰਕਿਰਿਆ ਅਧੀਨ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਰੋਜ਼ਗਾਰ ਦੇ ਨਵੇਂ ਮੌਕੇ ਸਿਰਜਣ ਲਈ ਸੂਬਾ ਸਰਕਾਰ ਪੰਜਾਬ ਨੂੰ ਉਦਯੋਗਿਕ ਧੁਰੇ ਵਜੋਂ ਵਿਕਸਤ ਕਰਨ ਲਈ ਵੱਡੀਆਂ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਤੋਂ ਪਹਿਲੀਆਂ ਸਰਕਾਰਾਂ ਦੇ ਸਮੇਂ ਦੌਰਾਨ ਨਵੇਂ ਪ੍ਰਾਜੈਕਟਾਂ ਲਈ ਐਮ।ਓ।ਯੂ। ਸੱਤਧਾਰੀ ਜਮਾਤ ਦੇ ਪਰਿਵਾਰਾਂ ਨਾਲ ਹੁੰਦਾ ਸੀ ਪਰ ਹੁਣ ਇਹ ਸਮਝੌਤੇ ਪੰਜਾਬ ਤੇ ਪੰਜਾਬੀਆਂ ਦੇ ਭਲੇ ਦੀ ਖਾਤਰ ਸੂਬਾ ਸਰਕਾਰ ਨਾਲ ਕੀਤੇ ਜਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾਂ ਵੱਡੇ ਸਨਅਤੀ ਦਿੱਗਜ਼ ਸੂਬੇ ਵਿਚ ਆਪੋ-ਆਪਣੇ ਪ੍ਰਾਜੈਕਟ ਸਥਾਪਤ ਕਰ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਮਨੋਰਥ ਸੂਬੇ ਦੇ ਨੌਜਵਾਨਾਂ ਨੂੰ ਨੌਕਰੀਆਂ ਲੈਣ ਵਾਲੇ ਨਹੀਂ ਸਗੋਂ ਨੌਕਰੀਆਂ ਦੇਣ ਦੇ ਯੋਗ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਹੁਨਰ ਵਿਕਾਸ ਦੀ ਸਿੱਖਿਆ ਦੇਣ ਉਤੇ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਕਿ ਉਦਯੋਗਾਂ ਲਈ ਹੁਨਰਮੰਦ ਮਨੁੱਖੀ ਸ਼ਕਤੀ ਤਿਆਰ ਕੀਤੀ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਕਈ ਉਪਰਾਲੇ ਕੀਤੇ ਹਨ।

## ਮੁੱਖ ਸਕੱਤਰ ਵੱਲੋਂ ਚੰਡੀਗੜ੍ਹ ਵਿਚਲੇ ਸਰਕਾਰੀ ਮਕਾਨਾਂ ਦੀ ਆਨਲਾਈਨ ਅਲਾਟਮੈਂਟ ਲਈ ਪੋਰਟਲ ਲਾਂਚ

ਚੰਡੀਗੜ੍ਹ, 12 ਦਸੰਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬਾ ਵਾਸੀਆਂ ਨੂੰ ਪਾਰਦਰਸ਼ੀ, ਸੁਖਾਲੀਆਂ ਤੇ ਬਿਹਤਰ ਪ੍ਰਸ਼ਾਸਨਿਕ ਸੇਵਾਂ ਦੇਣ ਦੀ ਵਚਨਬੱਧਤਾ ਉਤੇ ਚੱਲਦਿਆਂ ਸੂਬਾ ਸਰਕਾਰ ਨੇ ਸਰਕਾਰੀ ਮੁਲਾਜ਼ਮਾਂ ਲਈ ਚੰਡੀਗੜ੍ਹ ਵਿਚਾਲੇ ਸਰਕਾਰੀ ਮਕਾਨਾਂ ਦੀ ਅਲਾਟਮੈਂਟ ਦੀ ਪ੍ਰਕਿਰਿਆ ਨੂੰ ਆਸਾਨ ਕਰਦਿਆਂ ਆਨਲਾਈਨ ਅਲਾਟ ਕਰਨ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਅੱਜ ਪੰਜਾਬ ਸਿਵਲ ਸਕੱਤਰੇਤ ਵਿਖੇ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਵੱਲੋਂ ਐਨ।ਆਈ।ਸੀ। ਵੱਲੋਂ ਆਮ ਰਾਜ ਪ੍ਰਬੰਧ ਨਾਲ ਮਿਲ ਕੇ ਤਿਆਰ ਕੀਤਾ ਈ-ਅਵਾਸ ਰਿਹਾਇਸ਼ ਪ੍ਰਬੰਧਨ ਪ੍ਰਣਾਲੀ ਦਾ ਪੋਰਟਲ ਲਾਂਚ ਕੀਤਾ ਗਿਆ।

ਮੁੱਖ ਸਕੱਤਰ ਸ੍ਰੀ ਜੰਜੂਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪੋਰਟਲ ਜ਼ਰੀਏ ਚੰਡੀਗੜ੍ਹ ਸਥਿਤ ਪੰਜਾਬ ਪੂਲ ਦੇ ਮਕਾਨਾਂ ਦੀ ਅਲਟਾਟਮੈਂਟ ਹੁਣ ਸਿਰਫ ਆਨਲਾਈਨ ਸਵਿਕਾਰ ਕੀਤੀਆਂ ਜਾਣਗੀਆਂ। ਪੋਰਟਲ ਉਤੇ ਮੈਰਿਟ ਅਨੁਸਾਰ ਸਰਕਾਰੀ ਅਧਿਕਾਰੀ/ਮੁਲਾਜ਼ਮ ਦੀ ਸੀਨੀਅਰਤਾ ਅਨੁਸਾਰ ਆਪਣੇ-ਆਪ ਸਰਕਾਰੀ ਮਕਾਨ ਅਲਾਟ ਹੋ ਜਾਵੇਗਾ। ਇਸ ਨਾਲ ਜਿੱਥੇ ਸਰਕਾਰੀ ਕਰਮਚਾਰੀ ਨੂੰ ਮਕਾਨ ਅਲਾਟ ਕਰਨ ਲਈ ਖੱਜਲ ਖੁਆਰ ਨਹੀਂ ਹੋਣਾ ਪਵੇਗਾ ਉਥੇ ਪੁਰਾਣੇ ਸਿਸਟਮ ਅਨੁਸਾਰ ਕਿਸੇ ਕਰਮਚਾਰੀ ਪਲਾਟ ਨਾ ਲੈਣ ਦੀ ਸੂਰਤ ਵਿੱਚ ਕੋਈ ਵੀ ਮਕਾਨ ਲੰਬਾ ਸਮਾਂ ਖਾਲੀ ਨਹੀਂ ਰਹੇਗਾ।

ਸ੍ਰੀ ਜੰਜੂਆ ਨੇ ਅੱਗੇ ਦੱਸਿਆ ਕਿ ਪਹਿਲੇ ਪੜਾਅ ਵਿੱਚ ਸਿਰਫ ਚੰਡੀਗੜ੍ਹ ਸਥਿਤ ਪੰਜਾਬ ਪੂਲ ਦੇ ਵੱਖ-ਵੱਖ ਕੈਟੇਗਰੀਆਂ ਦੇ 1257 ਸਰਕਾਰੀ ਮਕਾਨਾਂ ਦੀ ਅਲਾਟਮੈਂਟ ਆਨਲਾਈਨ ਹੋਵੇਗੀ ਜਦੋਂ ਕਿ ਆਉਣ ਵਾਲੇ ਸਮੇਂ ਵਿੱਚ ਦੂਜੇ ਪੜਾਅ ਵਿੱਚ ਸੂਬੇ ਅੰਦਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਥਿਤ ਪੰਜਾਬ ਪੂਲ ਦੇ ਸਰਕਾਰੀ ਮਕਾਨਾਂ ਦੀ ਅਲਾਟਮੈਂਟ ਵੀ ਇਸ ਪੋਰਟਲ ਰਾਹੀਂ ਲਾਂਚ ਕੀਤੀ ਜਾਵੇਗੀ। ਇਸ ਮੌਕੇ ਮੁੱਖ ਸਕੱਤਰ ਵੱਲੋਂ ਆਮ ਰਾਜ ਪ੍ਰਬੰਧ ਤੇ ਐਨ।ਆਈ।ਸੀ। ਨੂੰ ਚੰਡੀਗੜ੍ਹ ਸਥਿਤ ਪੰਜਾਬ ਸਿਵਲ ਸਕੱਤਰੇਤ ਆਉਣ ਵਾਲੇ ਲੋਕਾਂ ਲਈ ਆਨਲਾਈਨ ਦਾਖਲਾ ਪਾਸ ਬਣਾਉਣ ਉਤੇ ਕੋਈ ਪ੍ਰਣਾਲੀ ਸਥਾਪਤ ਕਰਨ ਉਤੇ ਕੰਮ ਕਰਨ ਲਈ ਆਖਿਆ ਗਿਆ।

ਆਮ ਰਾਜ ਪ੍ਰਬੰਧ ਦੇ ਸਕੱਤਰ ਕੁਮਾਰ ਰਾਹੁਲ ਨੇ ਦੱਸਿਆ ਕਿ ਮਕਾਨ ਅਪਲਾਈ ਕਰਨ ਦੀ ਜਾਣਕਾਰੀ ਏਅੱਸ।ਪੁਨ-ਜਅਬ।ਗੋਵੀ।ਨ ਉਤੇ ਉਪਲੱਬਧ ਹੋਵੇਗੀ। ਸਰਕਾਰੀ ਕਰਮਚਾਰੀ ਪੋਰਟਲ ਉਤੇ ਖਾਲੀ ਮਕਾਨਾਂ ਦੀ ਸੂਚੀ ਨੂੰ ਦੇਖ ਕੇ ਆਪਣੀ ਪਹਿਲ ਅਨੁਸਾਰ ਅਪਲਾਈ ਕਰ ਸਕਦਾ ਹੈ। ਐਨ।ਆਈ।ਸੀ। ਦੇ ਸਟੇਟ ਇਨਫਾਰਮੈਟਿਕਸ ਅਫਸਰ ਤੇ ਡਿਪਟੀ ਡਾਇਰੈਕਟਰ ਜਨਰਲ ਵਿਵੇਕ ਵਰਮਾ ਨੇ ਦੱਸਿਆ ਕਿ ਇਸ ਪ੍ਰਣਾਲੀ ਰਾਹੀਂ ਹੁਣ ਮੁਲਾਜ਼ਮ ਆਪਣੇ ਘਰ ਬੈਠਿਆਂ ਮਕਾਨ ਲਈ ਅਪਲਾਈ ਕਰ ਸਕਣਗੇ ਅਤੇ ਪੋਰਟਲ ਉਤੇ ਆਈ।ਐਚ।ਆਰ।ਐਮ।ਐਸ। ਰਾਹੀਂ ਹਰ ਸਰਕਾਰੀ ਕਰਮਚਾਰੀ ਦਾ ਡਾਟਾ ਮੌਜੂਦ ਹੈ।

ਇਸ ਮੌਕੇ ਆਮ ਰਾਜ ਪ੍ਰਬੰਧ ਦੇ ਜੁਆਇੰਟ ਸਕੱਤਰ ਜਗਜੀਤ ਸਿੰਘ, ਐਨ।ਆਈ।ਸੀ। ਦੇ ਸਹਾਇਕ ਸਟੇਟ ਇਨਫਾਰਮੈਟਿਕ ਅਫਸਰ ਵਿਕਰਮ ਜੀਤ ਗਰੋਵਰ, ਸੀਨੀਅਰ ਤਕਨੀਕੀ ਡਾਇਰੈਕਟਰ ਅਨੂਮ ਕੁਮਾਰ ਜਲਾਲੀ ਤੇ ਤਕਨੀਤੀ ਡਾਇਰੈਕਟਰ ਨਰਿੰਦਰ ਸਿੰਘ ਵੀ ਹਾਜ਼ਰ ਸਨ।

## ਮੁੱਖ ਮੰਤਰੀ ਦੱਸਣ ਕਿ ਉਨ੍ਹਾਂ ਨੇ ਪੁਰਾਣੀ ਪੈਨਸ਼ਨ ਸਕੀਮ ਮਾਮਲੇ 'ਤੇ ਸਰਕਾਰੀ ਮੁਲਾਜ਼ਮਾਂ ਨਾਲ ਧੋਖਾ ਕਿਉਂ ਕੀਤਾ : ਅਕਾਲੀ ਦਲ

*ਜਦੋਂ ਕੇਂਦਰ ਕੋਲੋਂ ਮਨਜ਼ੂਰੀ ਨਹੀਂ ਲਈ ਤਾਂ ਝੂਠਾ ਨੋਟੀਫਿਕੇਸ਼ਨ ਕਿਉਂ ਜਾਰੀ ਕੀਤਾ : ਡਾ. ਚੀਮਾ

ਚੰਡੀਗੜ੍ਹ, 12 ਦਸੰਬਰ (ਪੋਸਟ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੂੰ ਆਖਿਆ ਕਿ ਉਹ ਦੱਸਣ ਕਿ ਉਹਨਾਂ ਨੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਕੇ ਸਰਕਾਰੀ ਮੁਲਾਜ਼ਮਾਂ ਨਾਲ ਧੋਖਾ ਕਿਉਂ ਕੀਤਾ ਜਦੋਂ ਕਿ ਸੂਬਾ ਸਰਕਾਰ ਨੇ ਕੇਂਦਰ ਸਰਕਾਰ ਕੋਲੋਂ ਕੌਮੀ ਪੈਨਸ਼ਨ ਸਿਸਟਮ ਤਹਿਤ ਸਬਸਕ੍ਰਾਈਬਰਜ਼ ਦਾ ਇਕੱਤਰ ਹੋਇਆ ਪੈਸਾ ਵਾਪਸ ਹੀ ਨਹੀਂ ਮੰਗਿਆ ਤਾਂ ਜੋ ਉਹ ਸਕੀਮ ਦੇ ਕੰਮ ਆ ਸਕੇ ਅਤੇ ਨਾ ਹੀ ਇਸ ਬਾਰੇ ਕੇਂਦਰ ਸਰਕਾਰ ਕੋਲੋਂ ਮਨਜ਼ੂਰੀ ਲਈ ਗਈ।

ਇਥੇ ਜਾਰੀ ਕੀਤੇ ਇਕਬਿਆਨ ਵਿਚ ਸਾਬਕਾ ਮੰਤਰੀ ਡਾ। ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਆਪ ਸਰਕਾਰ ਅੱਜ ਸੰਸਦ ਵਿਚ ਉਸ ਵੇਲੇ ਬੇਨਕਾਬ ਹੋ ਗਈ ਜਦੋਂ ਇਹ ਗੱਲ ਸਾਹਮਣੇ ਆਈ ਕਿ ਇਸਨੇ ਕੇਂਦਰ ਸਰਕਾਰ ਅਤੇ ਪੈਨਸ਼ਨ ਫੰਡ ਰੈਗੂਲੇਟਰੀ ਤੇ ਡਵੈਲਪਮੈਂਟ ਅਥਾਰਟੀ ਨੂੰ ਸੂਬੇ ਦੇ ਸਬਸਕ੍ਰਾਈਬਰਜ਼ ਦੇ ਇਕੱਤਰ ਹੋਏ ਪੈਸੇ ਨੂੰ ਵਾਪਸ ਦੇਣ ਦੀ ਮੰਗ ਹੀ ਨਹੀਂ ਕੀਤੀ ਤਾਂ ਜੋ ਇਸਦੀ ਵਰਤੋਂ ਪੁਰਾਣੀ ਪੈਨਸ਼ਨ ਸਕੀਮ ਵਾਸਤੇ ਕੀਤੀ ਜਾ ਸਕੇ। ਉਹਨਾਂ ਕਿਹਾ ਕਿ ਤਿੰਨ ਰਾਜਾਂ ਰਾਜਸਥਾਨ, ਛਤੀਸਗੜ੍ਹ ਤੇ ਝਾਰਖੰਡ ਨੇ ਅਜਿਹੀ ਬੇਨਤੀ ਕੀਤੀ ਹੈ ਤੇ ਸਪਸ਼ਟ ਹੋ ਗਿਆ ਹੈ ਕਿ ਆਪ ਸਰਕਾਰ ਨੇ ਹਿਮ-ਾਚਲ ਪ੍ਰਦੇਸ਼ ਅਤੇ ਗੁਜਰਾਤ ਚੋਣਾਂ ਮੌਕੇ ਸਰਕਾਰੀ ਮੁਲਾਜ਼ਮਾਂ ਨੂੰ ਮੂਰਖ ਬਣਾਉਣ ਵਾਸਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਉਹਨਾਂ ਕਿਹਾ ਕਿ ਇਸ ਤੋਂ ਬਿਨਾਂ ਸ਼ੱਕ ਇਹ ਸਾਬਤ ਹੁੰਦਾ ਹੈ ਕਿ ਆਪ ਸਰਕਾਰ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦਾ ਸਕੀਮ ਨੂੰ ਲਾਗੂ ਕਰਨ ਦਾ ਕੋਈ ਇਰਾਦਾ ਨਹੀਂ ਹੈ ਅਤੇ ਉਹ ਇਸ ਮਾਮਲੇ 'ਤੇ ਸਿਰਫ ਰਾਜਨੀਤੀਕਰ ਰਹੇ ਸਨ। ਉਹਨਾਂ ਕਿਹਾ ਕਿ ਇਹ ਬਹੁਤ ਨਿੰਦਣਯੋਗ ਹੈ ਤੇ ਇਹ ਲੱਖਾਂ ਪੈਨਸ਼ਨਰਾਂ ਤੇ ਸਰਕਾਰੀ ਮੁਲਾਜ਼ਮਾਂ ਨਾਲ ਵੱਡਾ ਧੋਖਾ ਹੈ।

ਡਾ। ਚੀਮਾ ਨੇ ਆਪ ਸਰਕਾਰ ਨੂੰ ਆਖਿਆ ਕਿ ਉਹ ਕੀਤੇ ਵਾਅਦੇ ਅਨੁਸਾਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਯੋਜਨਾ ਦਾ ਖੁਲ੍ਹਾਸਾ ਕਰਨ ਅਤੇ ਇਸ ਮਾਮਲੇ 'ਤੇ ਕੇਂਦਰ ਸਰਕਾਰ ਸਿਰ ਦੋਸ਼ ਨਾ ਮੜ੍ਹਨ। ਉਹਨਾਂ ਕਿਹਾ ਕਿ ਤੁਸੀਂ ਪੰਜਾਬੀਆਂ ਨੂੰ ਵਾਅਦਾ ਕੀਤਾ ਸੀ। ਤੁਹਾਨੂੰ ਇਹ ਸਕੀਮ ਲਾਗੂ ਕਰਨ ਵਾਸਤੇ ਜ਼ਰੂਰੀ ਫੰਡ ਜੁਟਾਉਣ ਵਾਸਤੇ ਲੋੜੀਂਦੀ ਗਿਣਤੀ ਮਿਣਤੀ ਲਾਉਣੀ ਚਾਹੀਦੀ ਸੀ। ਉਹਨਾਂ ਕਿਹਾ ਕਿ ਹੁਣ ਤੁਸੀਂ ਕੇਂਦਰ ਸਰਕਾਰ ਦੇ ਸਿਰ ਜ਼ਿੰਮੇਵਾਰੀ ਨਹੀਂ ਪਾ ਸਕਦੇ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਨਸ਼ਿਆਂ ਵਿਰੁੱਧ ਜੰਗ ਦੇ 5 ਮਹੀਨਿਆਂ ਦੌਰਾਨ ਪੰਜਾਬ ਪੁਲਿਸ ਨੇ 1244 ਵੱਡੀਆਂ ਮੱਛੀਆਂ ਸਮੇਤ 8755 ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫਤਾਰ, 473 ਕਿਲੋ ਹੈਰੋਇਨ ਕੀਤੀ ਬਰਾਮਦ

## * ਪੁਲਿਸ ਟੀਮਾਂ ਨੇ 5 ਜੁਲਾਈ ਤੋਂ ਹੁਣ ਤੱਕ 5.80 ਕਰੋੜ ਰੁਪਏ ਦੀ ਡਰੱਗ ਮਨੀ, 350 ਕਿਲੋ ਅਫੀਮ, 355 ਕਿਲੋ ਗਾਂਜਾ, 211 ਕੁਇੰਟਲ ਭੁੱਕੀ ਅਤੇ 28.96 ਲੱਖ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਕੀਤੀਆਂ ਬਰਾਮਦ

ਚੰਡੀਗੜ੍ਹ, 12 ਦਸੰਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਪੁੱਟਣ ਲਈ ਵਿੱਢੀ ਜੰਗ ਛੇਵੇਂ ਮਹੀਨੇ ਵਿੱਚ ਦਾਖਲ ਹੋ ਗਈ ਹੈ, ਜਿਸ ਤਹਿਤ ਪੰਜਾਬ ਪੁਲਿਸ ਨੇ 5 ਜੁਲਾਈ 2022 ਤੋਂ ਹੁਣ ਤੱਕ 1244 ਵੱਡੀਆਂ ਮੱਛੀਆਂ ਸਮੇਤ 8755 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਸਮੇਂ ਦੌਰਾਨ ਪੁਲਿਸ ਵੱਲੋਂ 746 ਵਪਾਰਕ ਮਾਮਲਿਆਂ ਸਮੇਤ ਕੁੱਲ 6667 ਐਫ।ਆਈ।ਆਰਜ਼ ਦਰਜ ਕੀਤੀਆਂ ਗਈਆਂ ਹਨ।

ਅੱਜ ਇੱਥੇ ਆਪਣੀ ਹਫ਼ਤਾਵਾਰੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਦੀਆਂ ਸੰਵੇਦਨਸ਼ੀਲ ਥਾਵਾਂ ਅਤੇ ਨਸ਼ਾ ਪ੍ਰਭਾਵਿਤ ਇਲਾਕਿਆਂ ’ਚ ਨਾਕਾਬੰਦੀ ਅਤੇ ਤਲਾਸ਼ੀ ਮੁਹਿੰਮ ਚਲਾ ਕੇ 325।55 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ, ਪੰਜਾਬ ਪੁਲਿਸ ਦੀਆਂ ਟੀਮਾਂ ਵੱਲੋਂ ਗੁਜਰਾਤ ਅਤੇ ਮਹਾਰਾਸ਼ਟਰ ਦੀਆਂ ਬੰਦਰਗਾਹਾਂ ਤੋਂ 147।5 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ, ਜਿਸ ਨਾਲ ਸਿਰਫ਼ ਪੰਜ ਮਹੀਨਿਆਂ ਵਿੱਚ ਹੈਰੋਇਨ ਦੀ ਕੁੱਲ ਰਿਕਵਰੀ 473।5 ਕਿਲੋਗ੍ਰਾਮ ਹੋ ਗਈ ਹੈ।

ਆਈਜੀਪੀ ਨੇ ਦੱਸਿਆ ਕਿ ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਨੇ ਸੂਬੇ ਭਰ ਵਿੱਚੋਂ 350 ਕਿਲੋ ਅਫੀਮ, 355 ਕਿਲੋ ਗਾਂਜਾ, 211 ਕੁਇੰਟਲ ਭੁੱਕੀ ਅਤੇ ਫਾਰਮਾ ਓਪੀਓਡਜ਼ ਦੀਆਂ 28।96 ਲੱਖ ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਵੀ ਬਰਾਮਦ ਕੀਤੀਆਂ ਹਨ। ਪੁਲੀਸ ਨੇ ਇਨ੍ਹਾਂ ਪੰਜ ਮਹੀਨਿਆਂ ਵਿੱਚ ਗ੍ਰਿਫ਼ਤਾਰ ਕੀਤੇ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 5।80 ਕਰੋੜ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੀਆਂ ਟੀਮਾਂ ਨੇ ਸੀਮਾ ਸੁਰੱਖਿਆ ਬਲ (ਬੀਐਸਐਫ) ਨਾਲ ਤਾਲਮੇਲ ਕਰਕੇ ਸਿਰਫ਼ ਇੱਕ ਹਫ਼ਤੇ ਵਿੱਚ ਡਰੋਨ ਰਾਹੀਂ ਸੁੱਟੀ ਗਈ 15।34 ਕਿਲੋਗ੍ਰਾਮ ਹੈਰੋਇਨ ਬਰਾਮਦ ਕਰਕੇ ਸਰਹੱਦ ਪਾਰੋਂ ਤਸਕਰੀ ਨੂੰ ਵੱਡਾ ਝਟਕਾ ਦਿੱਤਾ ਹੈ। ਪੁਲਿਸ ਨੇ ਚਾਰ ਡਰੋਨ ਵੀ ਬਰਾਮਦ ਕੀਤੇ ਹਨ।

ਜ਼ਿਕਰਯੋਗ ਹੈ ਕਿ 29 ਨਵੰਬਰ ਨੂੰ ਖੇਮਕਰਨ ਦੀ ਬਾਰਡਰ ਆਊਟਪੋਸਟ (ਬੀਓਪੀ) ਹਰਭਜਨ ਦੇ ਅਧਿਕਾਰ ਖੇਤਰ ਵਿੱਚ 61।68 ਕਿਲੋਗ੍ਰਾਮ ਹੈਰੋਇਨ ਦੇ ਛੇ ਪੈਕੇਟ ਨਾਲ ਲੋਡਿਡ ਹੈਕਸਾਕਾਪਟਰ ਡਰੋਨ ਬਰਾਮਦ ਕੀਤਾ ਗਿਆ ਸੀ, ਜਿਸ ਦੇ ਅਗਲੇ ਹੀ ਦਿਨ ਖਾਲੜਾ ਦੇ ਪਿੰਡ ਵਣ ਤਾਰਾ ਸਿੰਘ ਦੇ ਇਲਾਕੇ ਵਿੱਚੋਂ ਇੱਕ ਟੁੱਟਿਆ ਕੁਆਡਕਾਪਟਰ ਡਰੋਨ ਬਰਾਮਦ ਕੀਤਾ ਗਿਆ ਸੀ। ਇਸੇ ਤਰ੍ਹਾਂ 2 ਦਸੰਬਰ ਨੂੰ ਤਰਨ-ਤਾਰਨ ਦੇ ਖੇਮਕਰਨ ਖੇਤਰ ਤੋਂ 51।60 ਕਿਲੋਗ੍ਰਾਮ ਹੈਰੋਇਨ ਦੇ ਪੰਜ ਪੈਕਟ ਨਾਲ ਲੋਡਿਡ ਹੈਕਸਾਕਾਪਟਰ ਡਰੋਨ ਬਰਾਮਦ ਕੀਤਾ ਗਿਆ ਸੀ, ਜਦਕਿ ਅਗਲੀ ਦਰਮਿਆਨੀ ਰਾਤ ਨੂੰ ਤਰਨਤਾਰਨ ਵਿੱਚ ਬਾਰਡਰ ਆਊਟਪੋਸਟ (ਬੀਓਪੀ) ਕਾਲੀਆ ਦੇ ਖੇਤਰ ‘ਚੋਂ 31।06 ਕਿਲੋਗ੍ਰਾਮ ਹੈਰੋਇਨ ਦੇ ਤਿੰਨ ਪੈਕਟ ਨਾਲ ਲੋਡਿਡ ਕੁਆਡਕਾਪਟਰ ਡਰੋਨ ਬਰਾਮਦ ਕੀਤਾ ਗਿਆ ਸੀ।



ਆਈਜੀਪੀ ਨੇ ਦੱਸਿਆ ਕਿ 21 ਨਵੰਬਰ ਨੂੰ ਅੰਮ੍ਰਿਤਸਰ ਤੋਂ ਰਾਜਸਥਾਨ ਦੇ ਦੋ ਨਸ਼ਾ ਤਸਕਰਾਂ ਕੋਲੋਂ 13 ਕਿਲੋਗ੍ਰਾਮ ਹੈਰੋਇਨ ਦੀ ਬਰਾਮਦਗੀ ਸਬੰਧੀ ਅਗਲੇਰੀ ਜਾਂਚ ਦੌਰਾਨ ਉਨ੍ਹਾਂ ਦੇ ਦੋ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਨ੍ਹਾਂ ਦੀ ਪੁੱਛਗਿੱਛ ਦੇ ਆਧਾਰ ’ਤੇ ਬੀ।ਐਸ।ਐਫ। ਦੇ ਸਹਿਯੋਗ ਨਾਲ ਪੁਲਿਸ ਟੀਮਾਂ ਨੇ ਬਾਅਦ ਵਿੱਚ ਫਿਰੋਜ਼ਪੁਰ ਦੇ ਸਰਹੱਦੀ ਖੇਤਰ ਤੋਂ 10 ਏਕੇ-47 ਅਸਾਲਟ ਰਾਈਫਲਾਂ ਅਤੇ 10 ਵਿਦੇਸ਼ੀ ।30 ਬੋਰ ਦੇ ਪਿਸਤੌਲ ਬਰਾਮਦ ਕੀਤੇ।

ਹਫ਼ਤਾਵਾਰੀ ਅਪਡੇਟ ਦਿੰਦਿਆਂ ਆਈਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਪਿਛਲੇ ਇੱਕ ਹਫ਼ਤੇ ਵਿੱਚ 21 ਵਪਾਰਕ ਮਾਮਲਿਆਂ ਸਮੇਤ 197 ਐੱਫ।ਆਈ।ਆਰਜ਼ ਦਰਜ ਕਰਕੇ 247 ਨਸ਼ਾ ਤਸਕਰਾਂ/ਸਪਲਾਇਰਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਹਨਾਂ ਕੋਲੋਂ 45।55 ਕਿਲੋ ਹੈਰੋਇਨ, 16।62 ਕਿਲੋ ਅਫੀਮ, 4।80 ਕਿਲੋ ਗਾਂਜਾ, 3।60 ਕੁਇੰਟਲ ਭੁੱਕੀ, ਫਾਰਮਾ ਓਪੀਓਡਜ਼ ਦੀਆਂ 28305 ਗੋਲੀਆਂ/ਕੈਪਸੂਲ/ਟੀਕੇ/ਸ਼ੀਸ਼ੀਆਂ ਤੋਂ ਇਲਾਵਾ 55।25 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ।

ਉਨ੍ਹਾਂ ਕਿਹਾ ਕਿ 5 ਜੁਲਾਈ, 2022 ਨੂੰ ਭਗੌੜਿਆਂ ਨੂੰ ਗ੍ਰਿਫ਼ਤਾਰ ਕਰਨ ਲਈ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਤਹਿਤ ਪਿਛਲੇ ਇੱਕ ਹਫ਼ਤੇ ਵਿੱਚ ਐਨਡੀਪੀਐਸ ਕੇਸਾਂ ਵਿੱਚ 15 ਹੋਰ ਭਗੌੜੇ ਗ੍ਰਿਫ਼ਤਾਰ ਕੀਤੇ ਜਾਣ ਨਾਲ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 562 ਹੋ ਗਈ ਹੈ।

ਦੱਸਣਯੋਗ ਹੈ ਕਿ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ।ਜੀ।ਪੀ।) ਪੰਜਾਬ ਗੌਰਵ ਯਾਦਵ ਨੇ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਸਨ ਕਿ ਉਹ ਹਰੇਕ ਮਾਮਲੇ ਖਾਸ ਤੌਰ ’ਤੇ ਡਰੱਗ ਰਿਕਵਰੀ ਨਾਲ ਸਬੰਧਤ ਮਾਮਲਿਆਂ ਵਿੱਚ ਅਗਲੇ-ਪਿਛਲੇ ਸਬੰਧਾਂ ਦੀ ਬਾਰੀਕੀ ਨਾਲ ਜਾਂਚ ਕਰਨ, ਭਾਵੇਂ ਇਹ ਨਸ਼ੇ ਦੀ ਮਾਮੂਲੀ ਮਾਤਰਾ ਦੀ ਬਰਾਮਦੀ ਹੀ ਹੋਵੇ।

ਜ਼ਿਕਰਯੋਗ ਹੈ ਕਿ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਪੁਲਿਸ ਵੱਲੋਂ ਸਰਹੱਦੀ ਸੂਬੇ ਪੰਜਾਬ ਤੋਂ ਨਸ਼ਿਆਂ ਦੀ ਅਲਾਮਤ ਨੂੰ ਨੱਥ ਪਾਉਣ ਲਈ ਵਿਆਪਕ ਨਸ਼ਾ ਵਿਰੋਧੀ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਡੀਜੀਪੀ ਵੱਲੋਂ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਸਾਰੇ ਨਾਮੀ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਅਤੇ ਆਪਣੇ ਅਧਿਕਾਰ ਖੇਤਰਾਂ ਵਿੱਚ ਨਸ਼ਾ ਤਸਕਰੀ ਵਾਲੇ ਸੰਵੇਦਨਸ਼ੀਲ ਸਥਾਨਾਂ ਦੀ ਸ਼ਨਾਖਤ ਦੇ ਸਖ਼ਤ ਹੁਕਮ ਦਿੱਤੇ ਗਏ ਹਨ। ਉਹਨਾਂ ਪੁਲਿਸ ਮੁਖੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਫੜੇ ਗਏ ਸਾਰੇ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕੀਤੀ ਜਾਵੇ ਤਾਂ ਜੋ ਉਹਨਾਂ ਤੋਂ ਨਜਾਇਜ਼ ਰਾਸ਼ੀ ਬਰਾਮਦ ਕੀਤੀ ਜਾ ਸਕੇ।


NEED A LAWYER ??
Red Seal NOTARY
KAUR LAW OFFICE



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1





NATURAL HEALTH SOLUTIONS
Over 20 years Homeopathic/Holistic ways case solving experience

HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ।




ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ 300

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

| Daljit S. Gaidhu | Jasbir S. Sehmbi | Manjit S. Bhachu | Jarnail S. Matharu | Hardial S. Jheeta |
|---|---|---|---|---|
| Chairman | Vice Chairman | President | Treasurer | General Secretary |
| 416-305-9878 | 437-774-1410 | 416-275-2374 | 416-409-6207 | 647-409-8915 |

Address: 7956 Torbram Road #40, Bldg-B, Brampton, ON, L6T 5A2, Canada

# 29ਵੀਂ ਕਮਲਜੀਤ ਖੇਡਾਂ-2022 ਮੌਕੇ ਸਨਮਾਨਤ ਕੀਤੇ ਜਾਣ ਵਾਲੇ ਖਿਡਾਰੀਆਂ ਦਾ ਐਲਾਨ

*ਵਿਕਾਸ ਠਾਕੁਰ, ਸਰਵਨਜੀਤ ਸਿੰਘ, ਗੁਰਿੰਦਰਵੀਰ ਸਿੰਘ, ਹਰਜਿੰਦਰ ਕੌਰ, ਸੁਖਪਾਲ ਸਿੰਘ ਰੰਧਾਵਾ ਤੇ ਹਰਭਜਨ ਸਿੰਘ ਰੰਧਾਵਾ ਨੂੰ 14 ਦਸੰਬਰ ਨੂੰ ਕੀਤਾ ਜਾਵੇਗਾ ਸਨਮਾਨਤ * ਸਨਮਾਨਤ ਖਿਡਾਰੀਆਂ ਨੂੰ 25-25 ਹਜ਼ਾਰ ਰੁਪਏ ਦੀ ਨਗਦ ਇਨਾਮ ਰਾਸ਼ੀ, ਸਨਮਾਨ ਪੱਤਰ, ਜੋਸ਼ੀਲਾ ਤੇ ਪੁਸਤਕਾਂ ਦਾ ਸੈਟ ਭੇਂਟ ਕੀਤਾ ਜਾਵੇਗਾ

ਲੁਧਿਆਣਾ, 12 ਦਸੰਬਰ (ਗਿਆਨ ਸਿੰਘ) - ਗੁਰਦਾਸਪੁਰ ਦੀ ਉਲੰਪੀਅਨ ਸੁਰਜੀਤ ਸਪੋਰਟਸ ਐਸੋਸੀਏਸ਼ਨ ਵੱਲੋਂ ਸ਼ੂਗਰ ਮਿੱਲ ਬਟਾਲਾ ਨੇੜਲੇ ਪਿੰਡ ਕੋਟਲਾ ਸ਼ਾਹੀਆ ਦੇ ਸੁਰਜੀਤ-ਕਮਲਜੀਤ ਖੇਡ ਕੰਪਲੈਕਸ ਵਿਖੇ 14 ਦਸੰਬਰ 2022 ਤੱਕ ਕਰਵਾਈਆਂ ਜਾ ਰਹੀਆਂ ਓਲੰਪਿਕ ਚਾਰਟਰ ਦੀਆਂ 29ਵੀਂ ਕਮਲਜੀਤ ਖੇਡਾਂ-2022 ਮੌਕੇ ਸਨਮਾਨਤ ਕੀਤੇ ਜਾਣ ਵਾਲੇ ਖਿਡਾਰੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ।

ਖਿਡਾਰੀਆਂ ਨੂੰ ਸਨਮਾਨਤ ਕਰਨ ਲਈ ਬਣਾਈ ਕਮੇਟੀ ਦੇ ਮੁਖੀ ਪ੍ਰੋ। ਗੁਰਭਜਨ ਸਿੰਘ ਗਿੱਲ ਨੇ ਅੱਜ ਲੁਧਿਆਣਾ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਕਿ 14 ਦਸੰਬਰ ਨੂੰ ਖੇਡ ਜਗਤ ਦੀਆਂ ਛੇ ਉਘੀਆਂ ਸਖਸ਼ੀਅਤਾਂ ਨੂੰ ਸਨਮਾਨਤ ਕੀਤਾ ਜਾਵੇਗਾ। ਸਨਮਾਨਤ ਖਿਡਾਰੀਆਂ ਨੂੰ 25-25 ਹਜ਼ਾਰ ਰੁਪਏ ਦੀ ਨਗਦ ਇਨਾਮ ਰਾਸ਼ੀ, ਸਨਮਾਨ ਪੱਤਰ, ਜੋਸ਼ੀਲਾ ਤੇ ਪੁਸਤਕਾਂ ਦਾ ਸੈਟ ਭੇਟ ਕੀਤਾ ਜਾਵੇਗਾ।

ਇਸ ਵਾਰ ਅਰਜੁਨਾ ਐਵਾਰਡੀ ਵਿਕਾਸ ਠਾਕੁਰ ਨੂੰ ਸ਼ਹੀਦ ਮੇਜਰ ਵਜਿੰਦਰ ਸਿੰਘ ਸ਼ਾਹੀ ਪੰਜਾਬ ਦਾ ਗੌਰਵ ਐਵਾਰਡ, ਓਲੰਪੀਅਨ ਸਰਵਨਜੀਤ ਸਿੰਘ ਨੂੰ ਸੁਰਜੀਤ ਯਾਦਗਾਰੀ ਐਵਾਰਡ, ਅਥਲੀਟ ਗੁਰਿੰਦਰਵੀਰ ਸਿੰਘ ਨੂੰ ਕਮਲਜੀਤ ਯਾਦਗਾਰੀ ਐਵਾਰਡ, ਰਾਸ਼ਟਰਮੰਡਲ ਖੇਡਾਂ ਦੀ ਤਮਗ਼ਾ ਜੇਤੂ ਵੇਟਲਿਫਟਰ ਹਰਜਿੰਦਰ ਕੌਰ ਨੂੰ ਹਰਜੀਤ ਬਰਾੜ ਬਾਜਾਖਾਨਾ ਯਾਦਗਾਰੀ ਐਵਾਰਡ, ਕੌਮਾਂਤਰੀ ਫੁਟਬਾਲਰ ਸੁਖਪਾਲ ਸਿੰਘ ਰੰਧਾਵਾ ਨੂੰ ਮਾਝੇ ਦਾ ਮਾਣ ਐਵਾਰਡ ਅਤੇ ਭਾਰਤ ਦੇ ਸਾਬਕਾ ਚੀਫ ਕੋਚ ਅਥਲੈਟਿਕਸ ਹਰਭਜਨ ਸਿੰਘ ਰੰਧਾਵਾ (ਪਿੰਡ ਨੰਗਲੀ ਨੇੜੇ ਮਹਿਤਾ ਚੌਕ) ਨੂੰ ਅਮਰਜੀਤ ਸਿੰਘ ਗਰੇਵਾਲ ਯਾਦਗਾਰੀ ਐਵਾਰਡ ਦਿੱਤਾ ਜਾਵੇਗਾ।

ਇਸ ਤੋਂ ਪਹਿਲਾਂ ਪ੍ਰੋ। ਗੁਰਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਕਮੇਟੀ ਦੀ ਵਰਚੂਅਲ ਮੀਟਿੰਗ ਹੋਈ ਜਿਸ ਵਿੱਚ ਕਮੇਟੀ ਮੈਂਬਰ ਪ੍ਰੋ। ਸੁਰਿੰਦਰ ਸਿੰਘ ਕਾਹਲੋਂ, ਪ੍ਰੋ। ਸੁਖਵੰਤ ਸਿੰਘ ਗਿੱਲ, ਓਲੰਪੀਅਨ ਮਨਜੀਤ ਕੌਰ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਨੇ ਹਿੱਸਾ ਲਿਆ ਅਤੇ ਵੱਖ-ਵੱਖ ਖਿਡਾਰੀਆਂ ਦੀਆਂ ਪ੍ਰਾਪਤੀਆਂ ਉਤੇ ਵਿਚਾਰ ਵਟਾਂਦਰਾ ਕਰਕੇ ਸਨਮਾਨਤ ਕੀਤੇ ਜਾਣ ਵਾਲੇ ਖਿਡਾਰੀਆਂ ਦਾ ਫੈਸਲਾ ਕੀਤਾ ਗਿਆ ਹੈ।



ਸਨਮਾਨਤ ਕੀਤੇ ਜਾਣ ਵਾਲੇ ਖਿਡਾਰੀਆਂ ਦੇ ਵੇਰਵੇ ਇਸ ਅਨੁਸਾਰ ਹਨ।

ਅਰਜੁਨਾ ਐਵਾਰਡੀ ਵਿਕਾਸ ਠਾਕੁਰ (ਸ਼ਹੀਦ ਮੇਜਰ ਵਜਿੰਦਰ ਸਿੰਘ ਸ਼ਾਹੀ ਪੰਜਾਬ ਦਾ ਗੌਰਵ ਐਵਾਰਡ)

ਲੁਧਿਆਣਾ ਦਾ ਰਹਿਣ ਵਾਲਾ ਵਿਕਾਸ ਠਾਕੁਰ ਵੇਟਲਿਫਟਿੰਗ ਵਿੱਚ ਲਗਾਤਾਰ ਤਿੰਨ ਵਾਰ ਰਾਸ਼ਟਰਮੰਡਲ ਖੇਡਾਂ ਵਿੱਚ ਤਮਗੇ ਜਿੱਤ ਚੁੱਕਾ ਹੈ। ਇਸ ਸਾਲ ਬਰਮਿੰਘਮ ਵਿਖੇ ਹੋਈਆਂ ਰਾਸ਼ਟਰਮੰਡਲ ਖੇਡਾਂ ਵਿੱਚ ਵਿਕਾਸ ਠਾਕੁਰ ਨੇ 96 ਕਿਲੋ ਭਾਰ ਵਰਗ ਵਿੱਚ ਚਾਂਦੀ ਦਾ ਮੈਡਲ ਜਿੱਤਿਆ। ਵਿਕਾਸ ਨੇ 2018 ਵਿੱਚ ਗੋਲਡ ਕੋਸਟ ਵਿਖੇ ਹੋਈਆਂ ਰਾਸ਼ਟਰਮੰਡਲ ਖੇਡਾਂ ਵਿੱਚ ਕਾਂਸੀ ਅਤੇ 2014 ਵਿੱਚ ਗਲਾਸਗੋ ਰਾਸ਼ਟਰਮੰਡਲ ਖੇਡਾਂ ਵਿੱਚ ਚਾਂਦੀ ਦਾ ਤਮਗ਼ਾ ਜਿੱਤਿਆ ਸੀ। ਉਸ ਨੇ ਰਾਸ਼ਟਰਮੰਡਲ ਚੈਂਪੀਅਨਸ਼ਿਪ ਵਿੱਚ ਇਕ ਸੋਨੇ, ਦੋ ਚਾਂਦੀ ਤੇ ਦੋ ਕਾਂਸੀ ਦੇ ਤਮਗ਼ੇ ਜਿੱਤੇ ਹਨ। ਇਸ ਸਾਲ ਭਾਰਤ ਸਰਕਾਰ ਵੱਲੋਂ ਐਲਾਨ ਖੇਡ ਪੁਰਸਕਾਰਾਂ ਵਿੱਚ ਵਿਕਾਸ ਠਾਕੁਰ ਦੀ ਅਰਜੁਨਾ ਐਵਾਰਡ ਲਈ ਚੋਣ ਹੋਈ ਹੈ।

ਓਲੰਪੀਅਨ ਸਰਵਨਜੀਤ ਸਿੰਘ (ਸੁਰਜੀਤ ਯਾਦਗਾਰੀ ਐਵਾਰਡ)

ਗੁਰਦਾਸਪੁਰ ਜ਼ਿਲੇ ਵਿੱਚ ਬਟਾਲਾ ਨੇੜਲੇ ਪਿੰਡ ਮਰੜ ਦਾ ਰਹਿਣ ਵਾਲਾ ਸਰਵਨਜੀਤ ਸਿੰਘ ਭਾਰਤੀ ਹਾਕੀ ਦਾ ਫਾਰਵਰਡ ਖਿਡਾਰੀ ਰਿਹਾ ਹੈ। ਉਸ ਨੇ ਭਾਰਤ ਵੱਲੋਂ 125 ਕੌਮਾਂਤਰੀ ਮੁਕਾਬਲਿਆਂ ਵਿੱਚ ਹਿੱਸਾ ਲਿਆ। ਸਰਵਨਜੀਤ ਸਿੰਘ ਨੇ ਪਿਛਲੇ ਸਾਲ 2012 ਵਿੱਚ ਲੰਡਨ ਵਿਖੇ ਹੋਈਆਂ ਓਲੰਪਿਕ ਖੇਡਾਂ ਵਿੱਚ ਹਿੱਸਾ ਲਿਆ। ਸਰਵਨਜੀਤ ਸਿੰਘ ਨੇ 2010 ਵਿੱਚ ਨਵੀਂ ਦਿੱਲੀ ਰਾਸ਼ਟਰਮੰਡਲ ਖੇਡਾਂ ਵਿੱਚ ਚਾਂਦੀ ਦਾ ਤਮਗ਼ਾ, 2010 ਵਿੱਚ ਗੁਆਂਗਜ਼ੂ ਵਿਖੇ ਹੋਈਆਂ ਏਸ਼ਿਆਈ ਖੇਡਾਂ ਵਿੱਚ ਕਾਂਸੀ ਦਾ ਤਮਗ਼ਾ ਅਤੇ 2011 ਵਿੱਚ ਹੋਈ ਏਸ਼ੀਅਨ ਚੈਂਪੀਅਨਜ਼ ਟਰਾਫੀ ਵਿੱਚ ਸੋਨੇ ਦਾ ਤਮਗ਼ਾ ਜਿੱਤਿਆ। ਉਹ ਇਸ ਵੇਲੇ ਪੰਜਾਬ ਪੁਲਿਸ ਵਿੱਚ ਡੀ।ਐਸ।ਪੀ। ਵਜੋਂ ਸੇਵਾ ਨਿਭਾ ਰਿਹਾ ਹੈ।

ਗੁਰਿੰਦਰਵੀਰ ਸਿੰਘ (ਕਮਲਜੀਤ ਯਾਦਗਾਰੀ ਐਵਾਰਡ)

ਜਲੰਧਰ ਜ਼ਿਲੇ ਦੇ ਪਿੰਡ ਪਟਿਆਲ ਭੋਗਪੁਰ ਦਾ ਰਹਿਣ ਵਾਲਾ ਗੁਰਿੰਦਰਵੀਰ ਸਿੰਘ 100 ਮੀਟਰ ਫਰਾਟਾ ਦੌੜ ਦਾ ਕੌਮਾਂਤਰੀ ਅਥਲੀਟ ਹੈ। ਉਹ ਯੂਥ ਏਸ਼ੀਅਨ ਅਥਲੈਟਿਕਸ ਚੈਂਪੀਅਨਸ਼ਿਪ ਵਿੱਚ 100 ਮੀਟਰ ਤੇ 4 ਗੁਣਾਂ 100 ਮੀਟਰ ਰਿਲੇਅ ਦੌੜ ਵਿੱਚ ਦੋ ਸੋਨੇ ਦੇ ਤਮਗੇ, ਸੈਫ ਖੇਡਾਂ ਵਿੱਚ ਰਿਲੇਅ ਦੌੜ ਵਿੱਚ ਇਕ ਸੋਨੇ ਤੇ ਇਕ ਚਾਂਦੀ ਦਾ ਤਮਗ਼ਾ, ਏਸ਼ੀਅਨ ਜੂਨੀਅਰ ਚੈਂਪੀਅਨਸ਼ਿਪ ਵਿੱਚ ਰਿਲੇਅ ਦੌੜ ਵਿੱਚ ਕਾਂਸੀ ਦਾ ਤਮਗ਼ਾ ਜਿੱਤ ਚੁੱਕਾ ਹੈ। ਕੌਮੀ ਪੱਧਰ ਉਤੇ ਉਸ ਨੇ ਤਿੰਨ ਵਾਰ ਫੈਡਰੇਸ਼ਨ ਕੱਪ ਵਿੱਚ ਸੋਨੇ ਦਾ ਤਮਗ਼ਾ ਜਿੱਤਿਆ। ਗੁਰਿੰਦਰਵੀਰ ਸਿੰਘ ਨੇ 24ਵੇਂ ਫੈਡਰੇਸ਼ਨ ਕੱਪ ਵਿੱਚ 100 ਮੀਟਰ ਵਿੱਚ 10।30 ਸਕਿੰਟ ਦਾ ਬਿਹਤਰੀਨ ਸਮਾਂ ਕੱਢਦਿਆਂ ਸੋਨੇ ਦਾ ਮੈਡਲ ਜਿੱਤਿਆ।

ਹਰਜਿੰਦਰ ਕੌਰ (ਹਰਜੀਤ ਬਰਾੜ ਬਾਜਾਖਾਨਾ ਯਾਦਗਾਰੀ ਐਵਾਰਡ)

ਨਾਭਾ ਨੇੜਲੇ ਮੈਹਸ ਪਿੰਡ ਦੀ ਰਹਿਣ ਵਾਲੀ ਹਰਜਿੰਦਰ ਕੌਰ ਸਾਧਾਰਣ ਪਰਿਵਾਰ ਦੀ ਵੱਡੀਆਂ ਪ੍ਰਾਪਤੀਆਂ ਵਾਲੀ ਖਿਡਾਰਨ ਹੈ। ਹਰਜਿੰਦਰ ਕੌਰ ਨੇ ਇਸ ਸਾਲ ਬਰਮਿੰਘਮ ਵਿਖੇ ਹੋਈਆਂ ਰਾਸ਼ਟਰਮੰਡਲ ਖੇਡਾਂ ਵਿੱਚ ਵੇਟਲਿਫਟਿੰਗ ਵਿੱਚ ਕਾਂਸੀ ਦਾ ਮੈਡਲ ਜਿੱਤਿਆ। ਹਰਜਿੰਦਰ ਕੌਰ ਨੇ ਇਸ ਸਾਲ ਗੁਜਰਾਤ ਵਿਖੇ ਹੋਈਆਂ ਨੈਸ਼ਨਲ ਖੇਡਾਂ ਵਿੱਚ ਵੀ ਮੈਡਲ ਜਿੱਤਿਆ।

ਸੁਖਪਾਲ ਸਿੰਘ ਰੰਧਾਵਾ (ਮਾਝੇ ਦਾ ਮਾਣ ਐਵਾਰਡ)

ਬਟਾਲਾ ਨੇੜਲੇ ਪਿੰਡ ਗੋਧਰਪੁਰਾ ਦੇ ਜੰਮਪਲ ਸੁਖਪਾਲ ਸਿੰਘ ਰੰਧਾਵਾ ਇੰਟਰਨੈਸ਼ਨਲ ਫੁਟਬਾਲਰ ਹਨ। ਉਨ੍ਹਾਂ 7 ਵਾਰ ਨੈਸ਼ਨਲ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਚਾਰ ਸੋਨੇ ਤੇ ਇਕ ਚਾਂਦੀ ਦਾ ਤਮਗ਼ਾ ਜਿੱਤਿਆ। 8 ਵਾਰ ਆਲ ਇੰਡੀਆ ਪੁਲਿਸ ਖੇਡਾਂ ਵਿੱਚ ਹਿੱਸਾ ਲਿਆ ਅਤੇ 7 ਵਾਰ ਸੋਨੇ ਅਤੇ ਇਕ ਵਾਰ ਚਾਂਦੀ ਦਾ ਤਮਗ਼ਾ ਜਿੱਤਿਆ। ਕੌਮਾਂਤਰੀ ਪੱਧਰ 'ਤੇ ਸੁਖਪਾਲ ਸਿੰਘ ਨੇ ਸਕੂਲੀ ਪੱਧਰ 'ਤੇ ਕੋਰੀਆ ਅਤੇ ਥਾਈਲੈਂਡ ਦਾ ਦੌਰਾ ਕੀਤਾ ਜਦੋਂ ਕਿ ਜੂਨੀਅਰ ਭਾਰਤੀ ਟੀਮ ਵੱਲੋਂ ਰੂਸ ਵਿਖੇ ਹਿੱਸਾ ਲਿਆ।

ਹਰਭਜਨ ਸਿੰਘ ਰੰਧਾਵਾ (ਅਮਰਜੀਤ ਸਿੰਘ ਗਰੇਵਾਲ ਯਾਦਗਾਰੀ ਐਵਾਰਡ)

ਹਰਭਜਨ ਸਿੰਘ ਰੰਧਾਵਾ ਮਹਿਤਾ ਚੌਕ ਨੇੜਲੇ ਨੰਗਲੀ ਪਿੰਡ ਦੇ ਵਸਨੀਕ ਹਨ। ਹਰਭਜਨ ਸਿੰਘ ਰੰਧਾਵਾ ਦਾ ਜਨਮ ਖੇਡ ਪਰਿਵਾਰ ਵਿੱਚ ਹੋਇਆ ਜਿੱਥੇ ਉਨ੍ਹਾਂ ਦੇ ਪਿਤਾ ਮੇਜਰ ਟਹਿਲ ਸਿੰਘ ਰੰਧਾਵਾ ਵੱਡੇ ਅਥਲੀਟ ਸਨ ਉਥੇ ਛੋਟੇ ਭਰਾ ਗੁਰਬਚਨ ਸਿੰਘ ਰੰਧਾਵਾ ਟੋਕੀਓ ਓਲੰਪਿਕ ਖੇਡਾਂ-1964 ਵਿੱਚ 110 ਮੀਟਰ ਹਰਡਲਜ਼ ਦੌੜ ਵਿੱਚ ਪੰਜਵੇਂ ਸਥਾਨ ਉਤੇ ਆਏ। ਹਰਭਜਨ ਸਿੰਘ ਰੰਧਾਵਾ ਭਾਰਤੀ ਅਥਲੈਟਿਕਸ ਟੀਮ ਦੇ ਚੀਫ ਕੋਚ ਰਿਟਾਇਰ ਹੋਏ। ਉਨ੍ਹਾਂ ਦੀ ਕੋਚਿੰਗ ਹੇਠ ਭਾਰਤੀ ਅਥਲੈਟਿਕਸ ਨੇ ਸੁਨਹਿਰੀ ਪ੍ਰਾਪਤੀਆਂ ਹਾਸਲ ਕੀਤੀਆਂ।

## ਸੂਬੇ 'ਚ 2,93,975 ਦਿਵਿਆਂਗਜਨਾਂ ਨੂੰ ਯੂਡੀਆਈਡੀ ਕਾਰਡ ਜਾਰੀ: ਡਾ. ਬਲਜੀਤ ਕੌਰ

* ਸਾਰੀਆਂ ਸਕੀਮਾਂ ਦਾ ਲਾਭ ਲੈਣ ਲਈ ਇਕੋ ਇਕ ਪਛਾਣ ਦਸਤਾਵੇਜ਼ ਹੈ ਯੂਡੀਆਈਡੀ



ਚੰਡੀਗੜ੍ਹ, 12 ਦਸੰਬਰ (ਪੋਸਟ ਬਿਊਰੋ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ ਦੀ ਭਲਾਈ ਲਈ ਵਚਨਬੱਧ ਹੈ। ਸੂਬੇ ਦੇ 2,93,975 ਦਿਵਿਆਂਗ ਵਿਅਕਤੀਆਂ ਨੂੰ 28 ਨਵੰਬਰ 2022 ਤੱਕ ਯੂਡੀਆਈਡੀ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ। ਬਲਜੀਤ ਕੌਰ ਨੇ ਦੱਸਿਆ ਕਿ ਦਿਵਿਆਂਗ ਵਿਅਕਤੀਆਂ ਨੂੰ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਸਾਰੀਆਂ ਸਕੀਮਾਂ ਅਤੇ ਸੇਵਾਵਾਂ ਦਾ ਲਾਭ ਇੱਕੋ ਕਾਰਡ ਦੇ ਆਧਾਰ 'ਤੇ ਦੇਣ ਲਈ ਯੂਨੀਕ ਡਿਸਏਬਿਲਟੀ ਆਈਡੈਂਟਟੀ ਕਾਰਡ ਭਾਵ ਵਿਲੱਖਣ ਦਿਵਿਆਂਗਤਾ ਪਛਾਣ ਪੱਤਰ (ਯੂਡੀਆਈਡੀ) ਜਨਰੇਟ ਕੀਤੇ ਜਾਂਦੇ ਹਨ ਤੇ ਇਸ ਦਾ ਡੇਟਾਬੇਸ ਰਾਸ਼ਟਰ ਪੱਧਰ 'ਤੇ ਤਿਆਰ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਯੂਡੀਆਈਡੀ ਪ੍ਰਾਜੈਕਟਰ ਤਹਿਤ ਰਾਜ ਦੇ 102 ਹਸਪਤਾਲਾਂ ਵਿੱਚ ਕੈਂਪ ਲਗਾ ਕੇ ਇਹ ਪਛਾਣ ਪੱਤਰ ਜਾਰੀ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੋਰਟਲ ¯।ਸੱਅਵਲਅਮ-ਬਅਨਚਅਰਦ।ਗੋਵ।ਿਨ 'ਤੇ ਪ੍ਰਾਪਤ ਹੋਈਆਂ ਅਰਜ਼ੀਆਂ ਵਿੱਚੋਂ ਯੋਗ ਦਿਵਿਆਂਗ ਵਿਅਕਤੀਆਂ ਨੂੰ 28 ਨਵੰਬਰ 2022 ਤੱਕ 2,93,975 ਯੂਡੀਆਈਡੀ ਕਾਰਡ ਜਾਰੀ ਕੀਤੇ ਗਏ ਹਨ ਤੇ ਭਾਰਤ ਸਰਕਾਰ ਵਲੋਂ ਸਾਂਝੀ ਕੀਤੀ ਗਈ ਰੋਜ਼ਾਨਾ ਰਿਪੋਰਟ ਅਨੁਸਾਰ ਪੰਜਾਬ ਰਾਜ ਨੂੰ 11ਵਾਂ ਦਰਜਾ ਹਾਸਲ ਹੋਇਆ ਹੈ।

ਡਾ।ਬਲਜੀਤ ਕੌਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਦਿਵਿਆਂਗ ਵਿਅਕਤੀਆਂ ਲਈ ਡਿਸਏਬਿਲਟੀ ਸੈੱਲ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਪਰਪਿਤ ਸੈੱਲ ਅਪਾਹਜ ਵਿਅਕਤੀਆਂ ਲਈ ਅਪੰਗਤਾ ਸਕੀਮਾਂ ਦੇ ਲਾਭ ਲੈਣ ਲਈ ਇੱਕ ਸਿੰਗਲ ਵਿੰਡੋ ਪਲੈਟਫਾਰਮ ਹੋਵੇਗਾ। ਉਨ੍ਹਾਂ ਸੂਬੇ ਦੇ ਦਿਵਿਆਂਗਜਨਾਂ ਨੂੰ ਅਪੀਲ ਕੀਤੀ ਕਿ ਉਹ ਸੇਵਾ ਕੇਂਦਰਾਂ, ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰਾਂ ਜਾਂ ਸਿਵਲ ਹਸਪਤਾਲ ਵਿਖੇ ਸੰਪਰਕ ਕਰਕੇ ਯੂਡੀਆਈਡੀ ਕਾਰਡ ਲਈ ਜ਼ਰੂਰ ਅਪਲਾਈ ਕਰਨ ਤਾਂ ਜੋ ਉਹ ਸਰਕਾਰੀ ਸਕੀਮਾਂ ਦੇ ਲਾਭ ਤੋਂ ਵਾਂਝੇ ਨਾ ਰਹਿਣ।

## ਜ਼ਿਲ੍ਹਾ ਸਿੱਖਿਆ ਅਫਸਰ ਨੇ ਵਿਦਿਆਰਥਣ ਮੁਸਕਾਨ ਨੂੰ ਸਰਟੀਫਿਕੇਟ ਅਤੇ ਯਾਂਦਗਾਰ ਚਿੰਨ੍ਹ ਭੇਂਟ ਕਰਕੇ ਕੀਤਾ ਸਨਮਾਨਤ



ਪਠਾਨਕੋਟ, 12 ਦਸੰਬਰ (ਰਾਜਿੰਦਰ ਸਿੰਘ ਰਾਜਨ)- ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਰਾਜੇਸ ਕੁਮਾਰ ਨੇ ਸਿੱਖਿਆ ਖੇਤਰ ਵਿੱਚ ਮੱਲਾਂ ਮਾਰਨ ਤੇ ਐਸ.ਐਮ.ਐਸ.ਡੀ. ਰਾਜਪੂਤ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਮੁਸਕਾਨ ਨੂੰ ਸਰਟੀਫਿਕੇਟ ਅਤੇ ਯਾਂਦਗਾਰ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ। ਜਿਕਰਯੋਗ ਹੈ ਕਿ ਪਿਛਲੇ ਦਿਨ੍ਹਾਂ ਦੋਰਾਨ ਜ਼ਿਲ੍ਹਾ ਪ੍ਰਸਾਸਨ ਵੱਲੋਂ ਸਿੱਖਿਆ ਖੇਤਰ ਵਿੱਚ ਦਸਵੀਂ ਅਤੇ ਬਾਹਰਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਜਿਨ੍ਹਾਂ ਜ਼ਿਲ੍ਹੇ ਅਤੇ ਪੰਜਾਬ ਅੰਦਰ ਸਿੱਖਿਆ ਖੇਤਰ ਅੰਦਰ ਇੱਕ ਵੱਖਰੀ ਥਾਂ ਬਣਾਈ ਸੀ ਉਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਸੀ। ਜਿਨ੍ਹਾਂ ਵਿੱਚ ਸੁਜਾਨਪੁਰ ਨਿਵਾਸੀ ਮੁਸਕਾਨ ਸਰਮਾ ਸਪੁੱਤਰੀ ਰਾਕੇਸ ਕੁਮਾਰ ਸਰਮਾ ਦਾ ਨਾਮ ਵੀ ਸਾਮਲ ਸੀ ਮੁਸਕਾਨ ਨੇ ਦਸਵੀਂ ਵਿੱਚ ਜ਼ਿਲ੍ਹੇ ਵਿੱਚੋਂ ਚੋਥਾਂ ਅਤੇ ਪੰਜਾਬ ਅੰਦਰ 15ਵਾਂ ਸਥਾਨ ਪ੍ਰਾਪਤ ਕੀਤਾ ਸੀ ਅਤੇ ਕਿਸੇ ਕਾਰਨ ਕਰਕੇ ਅਪਣਾ ਸਨਮਾਨ ਪ੍ਰਾਪਤ ਨਹੀਂ ਕਰ ਸਕੀ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਸਿੱਖਿਆ ਵਿਭਾਗ ਤੋਂ ਮੁਨੀਸ ਗੁਪਤਾ ਜ਼ਿਲ੍ਹਾ ਕੋਆਰਡੀਨੇਟਰ ਪਠਾਨਕੋਟ ਅਤੇ ਹੋਰ ਵਿਭਾਗੀ ਅਧਿਕਾਰੀ ਹਾਜਰ ਸਨ।

## CHANGE OF NAME

I, **Kamalpreet Kaur Dhillon** daughter of Jaswinder Singh Gill, **resident of Village- Markhai, Tehsil Zira, Distt. Ferozepur, 142047, Punjab, India and presently residing at 383 Robert Parkinson Drive, Brampton, ON L7A4B8**, do hereby change my name from **Kamalpreet Kaur Dhillon to Prachi Sharma,** with immediate effect. Henceforth, I shall be known as **Prachi Sharma** for all purposes.

# ਕੈਨੇਡੀਅਨ ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202




## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੇਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਪਲਾਟ ਵਿਕਾਊ

ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਨਜ਼ਦੀਕ ਪਲਾਟ ਵਿਕਾਊ ਹੈ। GT Road ਤੋਂ ਸਿਰਫ 400 ਮੀਟਰ ਦੂਰੀ 'ਤੇ। ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਚ 10 ਮਰਲੇ ਦਾ ਪਲਾਟ ਵਿਕਾਊ ਹੈ।। ਖੁੱਲ੍ਹੀਆਂ ਸੜਕਾਂ ਪਾਰਕ ਆਦਿ ਦੀ ਸਹੂਲਤ।


ਫੋਨ ਨੰਬਰ 917837596119
647-760-2769

## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**




## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com










## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਪੰਜਾਬ ਵਜ਼ਾਰਤ ਵੱਲੋਂ ਅਗਲੇ ਚਾਰ ਸਾਲਾਂ ਵਿਚ 8400 ਪੁਲੀਸ ਜਵਾਨਾਂ ਦੀ ਭਰਤੀ ਕਰਨ ਲਈ ਹਰੀ ਝੰਡੀ

* ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਸਿਰਜਣ ਦੇ ਉਦੇਸ਼ ਨਾਲ ਲਿਆ ਫੈਸਲਾ *ਮਾਲ ਵਿਭਾਗ ਵਿਚ ਪਟਵਾਰੀਆਂ ਦੀਆਂ 710 ਅਸਾਮੀਆਂ ਭਰਨ ਦੀ ਪ੍ਰਵਾਨਗੀ

ਚੰਡੀਗੜ੍ਹ, 12 ਦਸੰਬਰ (ਪੋਸਟ ਬਿਊਰੋ) -ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਸਿਰਜਣ ਦੇ ਉਦੇਸ਼ ਨਾਲ ਅਹਿਮ ਫੈਸਲਾ ਲੈਂਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਮੰਤਰੀ ਮੰਡਲ ਨੇ ਆਉਂਦੇ ਚਾਰ ਸਾਲਾਂ ਵਿਚ 1200 ਸਬ-ਇੰਸਪੈਕਟਰਾਂ ਅਤੇ 7200 ਕਾਂਸਟੇਬਲਾਂ ਸਮੇਤ 8400 ਪੁਲੀਸ ਮੁਲਾਜ਼ਮਾਂ ਦੀ ਭਰਤੀ ਕਰਨ ਲਈ ਹਰੀ ਝੰਡੀ ਦੇ ਦਿੱਤੀ ਹੈ। ਇਹ ਫੈਸਲਾ ਅੱਜ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਮੁੱਖ ਮੰਤਰੀ ਦਫ਼ਤਰ ਵਿਚ ਮੁੱਖ ਮੰਤਰੀ ਦੀ ਅਗਵਾਈ ਵਿਚ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਅਗਲੇ ਚਾਰ ਸਾਲਾਂ ਵਿਚ ਹਰੇਕ ਸਾਲ 1800 ਕਾਂਸਟੇਬਲ ਅਤੇ 300 ਸਬ-ਇੰਸਪੈਕਟਰਾਂ ਦੀ ਭਰਤੀ ਕੀਤੀ ਜਾਵੇਗੀ ਤਾਂ ਕਿ ਆਉਂਦੇ ਸਾਲਾਂ ਵਿਚ ਪੁਲੀਸ ਮੁਲਾਜ਼ਮਾਂ ਦੇ ਸੇਵਾ-ਮੁਕਤ ਨਾਲ ਖਾਲੀ ਹੋਣ ਵਾਲੀਆਂ ਅਸਾਮੀਆਂ ਨੂੰ ਭਰਿਆ ਜਾ ਸਕੇ। ਬੁਲਾਰੇ ਮੁਤਾ-ਬਕ ਹਰੇਕ ਸਾਲ 2100 ਅਸਾਮੀਆਂ ਲਈ ਤਕਰੀਬਨ ਢਾਈ ਲੱਖ ਉਮੀਦਵਾਰਾਂ ਦੇ ਅਪਲਾਈ ਕਰਨ ਦੀ ਉਮੀਦ ਹੈ। ਇਹ ਸਾਰੇ ਉਮੀਦਵਾਰ ਲਿਖਤੀ ਪ੍ਰੀਖਿਆ ਪਾਸ ਕਰਨ ਦੇ ਨਾਲ-ਨਾਲ ਆਪਣੀ ਸਰੀਰਕ ਤੰਦਰੁਸਤੀ ਦੇ ਇਮਤਿਹਾਨ ਵਿੱਚੋਂ ਵੀ ਗੁਜ਼ਰਨਗੇ। ਭਰਤੀ ਪ੍ਰਕਿਰਿਆ ਨਾਲ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਾਕਾਰਤਮਕ ਪਾਸੇ ਲਾਇਆ ਜਾਵੇਗਾ ਅਤੇ ਨਸ਼ਿਆਂ ਅਤੇ ਮਾੜੀ ਸੰਗਤ ਤੋਂ ਦੂਰ ਰੱਖਣ ਵਿਚ ਮਦਦ ਮਿਲੇਗੀ।

ਇਸੇ ਤਰ੍ਹਾਂ ਇਹ ਭਰਤੀ ਸੂਬੇ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਦਿਸਹੱਦੇ ਸਿਰਜੇਗੀ। ਬੁਲਾਰੇ ਮੁਤਾਬਕ ਭਰਤੀ ਸਬੰਧੀ ਇਸ਼ਤਿਹਾਰ, ਇਮਤਿਹਾਨ ਕਰਵਾਉਣ ਅਤੇ ਨਤੀਜਿਆਂ ਦੇ ਐਲਾਨ ਲਈ ਤੈਅ ਪ੍ਰਕਿਰਿਆ ਹੋਵੇਗੀ। ਇਸ ਪ੍ਰਕਿਰਿਆ ਦੇ ਤਹਿਤ ਜਨਵਰੀ ਮਹੀਨੇ ਵਿਚ ਇਸ਼ਤਿਹਾਰ ਜਾਰੀ ਕੀਤਾ ਜਾਵੇਗਾ ਅਤੇ ਲਿਖਤੀ ਪ੍ਰੀਖਿਆ ਮਈ-ਜੂਨ ਮਹੀਨੇ ਕਰਵਾਈ ਜਾਵੇਗੀ। ਇਸੇ ਤਰ੍ਹਾਂ ਸਤੰਬਰ ਮਹੀਨੇ ਵਿਚ ਫਿਜ਼ੀਕਲ ਟੈਸਟ ਹੋਵੇਗਾ ਅਤੇ ਨਵੰਬਰ ਵਿਚ ਨਤੀਜਾ ਐਲਾਨਿਆ ਜਾਵੇਗਾ।



ਇਸ ਦੇ ਨਾਲ ਹੀ ਕੈਬਿਨੇਟ ਦੇ ਹੋਰ ਫੈਸਲਿਆਂ ਚਿ ਮਾਲ ਵਿਭਾਗ ਦੇ ਕੰਮਕਾਜ ਨੂੰ ਹੋਰ ਵਧੇਰੇ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਮੰਤਰੀ ਮੰਡਲ ਨੇ ਵਿਭਾਗ ਵਿਚ ਮਾਲ ਪਟਵਾਰੀਆਂ ਦੀ 710 ਅਸਾਮੀਆਂ ਭਰਨ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਸ ਕਦਮ ਨਾਲ ਮਾਲ ਰਿਕਾਰਡ ਤਿਆਰ ਕਰਨ, ਰੱਖ-ਰਖਾਵ ਅਤੇ ਪੁਰਾਣੇ ਰਿਕਾਰਡ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣਾ ਹੈ ਤਾਂ ਕਿ ਆਮ ਲੋਕਾਂ ਨੂੰ ਇਹ ਸੇਵਾਵਾਂ ਸਮੇਂ ਸਿਰ ਮੁਹੱਈਆ ਹੋ ਸਕਣ। ਨੈਸ਼ਨਲ ਕੈਡਿਟ ਕੋਰ (ਐਨ।ਸੀ।ਸੀ।) ਦੀਆਂ ਗਤੀਵਿਧੀਆਂ ਸੁਚਾਰੂ ਢੰਗ ਨਾਲ ਚਲਾਉਣ ਲਈ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ ਨੂੰ ਐਨ.ਸੀ.ਸੀ., ਮੁੱਖ ਦਫ਼ਤਰ, ਯੂਨਿਟਾਂ ਤੇ ਕੇਂਦਰਾਂ ਲਈ ਪੈਸਕੋ ਰਾਹੀਂ ਆਊਟਸੋਰਸਿੰਗ ਤਹਿਤ 203 ਮੁਲਾਜ਼ਮ ਨਿਯੁਕਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਇਹ ਫੈਸਲਾ ਐਨ.ਸੀ.ਸੀ. ਯੂਨਿਟਾਂ ਵਿਚ ਰੈਗੂਲਰ ਭਰਤੀ ਹੋਣ ਤੱਕ ਮਨੁੱਖੀ ਸ਼ਕਤੀ ਦੀ ਗੰਭੀਰ ਘਾਟ ਦੇ ਮੁੱਦੇ ਨੂੰ ਫੌਰੀ ਤੌਰ ਉਤੇ ਹੱਲ ਕਰਨ ਵਿਚ ਸਹਾਈ ਸਿੱਧ ਹੋਵੇਗਾ। ਕਰੱਸ਼ਰ ਮਾਲਕਾਂ ਦੇ ਨਾਲ-ਨਾਲ ਖਪਤਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਕੈਬਨਿਟ ਨੇ ਵਾਤਾਵਰਨ ਪ੍ਰਬੰਧਨ ਫੰਡ ਦੀ ਦੋਹਰੀ ਅਦਾਇਗੀ ਰੋਕਣ ਲਈ ਨਵੀਂ ਕਰੱਸ਼ਰ ਨੀਤੀ ਵਿੱਚ ਸੋਧ ਨੂੰ ਪ੍ਰਵਾਨਗੀ ਦਿੱਤੀ ਹੈ। ਕੈਬਨਿਟ ਨੇ ਕਰੱਸ਼ਰ ਯੂਨਿਟਾਂ ਨੂੰ ਆਪਣੀ ਸਿਕਿਉਰਿਟੀ ਰਾਸ਼ੀ ਦੀ ਅਦਾਇਗੀ ਛੇ ਮਹੀਨਿਆਂ ਵਿੱਚ ਤਿੰਨ ਕਿਸ਼ਤਾਂ ਵਿੱਚ ਜਮ੍ਹਾਂ ਕਰਵਾਉਣ ਦੀ ਛੋਟ ਵੀ ਦੇ ਦਿੱਤੀ ਹੈ। ਇਸ ਤੋਂ ਇਲਾਵਾ ਕੈਬਨਿਟ ਨੇ ਗੈਰ-ਸਿੰਜਾਈ ਮੰਤਵ ਲਈ ਨਹਿਰਾਂ/ਦਰਿਆਵਾਂ ਦੇ ਪਾਣੀ ਦੀ ਵਰਤੋਂ ਦੇ ਖਰਚਿਆਂ ਸਬੰਧੀ ਉੱਤਰੀ ਭਾਰਤ ਨਹਿਰੀ ਅਤੇ ਡਰੇਨੇਜ਼ ਨਿਯਮ, 1873 ਦੀ ਧਾਰਾ 75 ਨਾਲ ਪੜ੍ਹੀ ਗਈ ਧਾਰਾ 75 ਵਿੱਚ ਸੋਧ ਨੂੰ ਮਨਜ਼ੂਰੀ ਦਿੱਤੀ ਹੈ। ਇਸ ਫੈਸਲੇ ਨਾਲ ਸੂਬਾ ਸਰਕਾਰ ਨੂੰ ਹਰ ਸਾਲ 186 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਵੇਗਾ।

ਕੈਬਨਿਟ ਨੇ 'ਦਿ ਸੈਲਰੀਜ਼ ਐਂਡ ਅਲਾਊਂਸਿਜ਼ ਆਫ ਦਿ ਚੀਫ ਵਿੱਪ੍ਹ ਇਨ ਪੰਜਾਬ ਲੈਜਿਸਲੇਟਿਵ ਅਸੈਂਬਲੀ ਐਕਟ, 2022' ਬਣਾਉਣ ਦੀ ਮਨਜ਼ੂਰੀ ਵੀ ਦੇ ਦਿੱਤੀ। ਭਾਰਤੀ ਸੰਸਦੀ ਪ੍ਰਣਾਲੀ ਵਿੱਚ ਪਾਰਟੀ ਦਾ ਚੀਫ ਵਿੱਪ੍ਹ ਅਹਿਮ ਰੋਲ ਨਿਭਾਉਂਦਾ ਹੈ ਅਤੇ ਸਦਨ ਦੀ ਕਾਰਵਾਈ ਸੁਚਾਰੂ ਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਚੱਲਣੀ ਯਕੀਨੀ ਬਣਾਉਂਦਾ ਹੈ। ਇਸ ਲਈ ਸਰਕਾਰ ਨੇ ਬਹੁਮਤ ਵਾਲੀ ਪਾਰਟੀ ਦੇ ਚੀਫ ਵਿੱਪ੍ਹ ਨੂੰ ਸੂਬਾ ਸਰਕਾਰ ਦੇ ਮੰਤਰੀਆਂ ਦੇ ਬਰਾਬਰ ਦਰਜਾ, ਤਨਖਾਹ, ਭੱਤੇ ਤੇ ਹੋਰ ਸਹੂਲਤਾਂ ਦੇਣ ਦਾ ਫੈਸਲਾ ਕੀਤਾ ਹੈ।

## ਐਮ ਐਸ ਪੀ ਕਮੇਟੀ ਦਾ ਪੁਨਰਗਠਨ ਹੋਵੇ, ਕਿਸਾਨਾਂ ਨੂੰ ਐਮ ਐਸ ਪੀ ਦਾ ਕਾਨੂੰਨੀ ਅਧਿਕਾਰ ਮਿਲੇ: ਹਰਸਿਮਰਤ ਬਾਦਲ

ਚੰਡੀਗੜ੍ਹ, 12 ਦਸੰਬਰ : ਬਠਿੰਡਾ ਦੇ ਐਮ ਪੀ ਹਰਸਿਮਰਤ ਕੌਰ ਬਾਦਲ ਨੇ ਅੱਜ ਮੰਗ ਕੀਤੀ ਕਿ ਇਕ ਸਾਲ ਪਹਿਲਾਂ ਕਿਸਾਨ ਅੰਦੋਲਨ ਖਤਮ ਹੋਣ ਵੇਲੇ ਕਿਸਾਨਾਂ ਨਾਲ ਕੀਤੇ ਗਏ ਵਾਅਦੇ ਅਨੁਸਾਰ ਐਮ ਐਸ ਪੀ ਕਮੇਟੀ ਦਾ ਤੁਰੰਤ ਪੁਨਰਗਠਨ ਕੀਤਾ ਜਾਵੇ ਅਤੇ ਉਹਨਾਂ ਨੇ ਐਮ ਐਸ ਪੀ ਨੂੰ ਕਾਨੂੰਨੀ ਅਧਿਕਾਰ ਬਣਾਉਣ ਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਮੁਤਾਬਕ ਲਾਗਤ 'ਤੇ 50 ਫੀਸਦੀ ਮੁਨਾਫਾ ਸ਼ਾਮਲ ਕਰ ਕੇ ਐਮ ਐਸਪੀ ਉਸ ਅਨੁਸਾਰ ਤੈਅ ਕੀਤੀ ਜਾਵੇ।



ਸੰਸਦ ਵਿਚ ਇਹ ਮਾਮਲਾ ਚੁੱਕਦਿਆਂ ਬਠਿੰਡਾ ਦੇ ਐਮ ਪੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਲਿਖਤੀ ਭਰੋਸਾ ਦਿੱਤਾਸੀ ਕਿ ਉਹ ਐਮ ਐਸ ਪੀ ਤੈਅ ਕਰਨ ਵਾਲੀ ਕਮੇਟੀ ਵਿਚ ਕਿਸਾਨ ਪ੍ਰਤੀਨਿਧ ਸ਼ਾਮਲ ਕਰ ਕੇ ਇਸਦਾ ਪੁਨਰਗਠਨ ਕਰੇਗੀ। ਪਰ ਅਜਿਹਾ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਕਮੇਟੀ ਵਿਚ ਕਿਸਾਨ ਪ੍ਰਤੀਨਿਧ ਅਤੇ ਖੇਤੀਬਾੜੀ ਮਾਹਿਰ ਸ਼ਾਮਲ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਨੇ ਕੇਂਦਰ ਸਰਕਾਰ ਨੂੰਅਪੀਲ ਕੀਤੀ ਕਿ ਉਹ ਕਿਸਾਨਾਂ ਨਾਲਕੀਤੇ ਵਾਅਦੇ ਮੁਤਾਬਕ ਐਮ ਐਸ ਪੀ ਨੂੰ ਕਿਸਾਨਾਂ ਦਾ ਕਾਨੂੰਨੀ ਅਧਿਕਾਰ ਬਣਾਵੇ ਅਤੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਰਬਕ ਸੀ 2 ਦੇ ਨਾਲ 50 ਫੀਸਦੀ ਮੁਨਾਫਾ ਜੋੜ ਕੇ ਐਮ ਐਸ ਪੀ ਤੈਅ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਇਕ ਫਸਲ ਦੇ ਪਾਲਣ ਪੋਸ਼ਣ 'ਤੇ ਆਈ ਲਾਗਤ 'ਤੇ 50 ਫੀਸਦੀ ਮੁਨਾਫਾ ਮਿਲਸਕੇ।

ਹਰਸਿਮਰਤ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਨੂੰ ਲਿਖਤੀਵਾਅਦਾ ਕਰ ਕੇ ਉਸਨੂੰ ਪੂਰਾ ਨਾ ਕਰਨਾ ਸਰਕਾਰ ਨੂੰ ਸੋਭਾ ਨਹੀਂ ਦਿੰਦਾ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਕੀਤਾ ਵਾਅਦਾ ਪੂਰਾ ਨਾ ਕਰ ਕੇ ਕਿਸਾਨਾਂ ਨੂੰ ਮੁੜ ਅੰਦੋਲਨ ਦੇ ਰਾਹ ਪੈਣ ਲਈ ਮਜਬੂਰ ਕਰ ਰਹੀਹੈ। ਉਹਨਾਂ ਨੇ ਬਿਜਲੀ ਸੋਧ ਬਿੱਲ ਦਾ ਹਵਾਲਾ ਦਿੱਤਾ ਜਿਸ ਬਾਰੇ ਕੇਂਦਰ ਸਰਕਾਰ ਨੇ ਭਰੋਸਾ ਦਿੱਤਾਸੀ ਕਿ ਉਹ ਕਿਸਾਨਾਂ ਦੇ ਖ ਦ ਸ਼ ਿ ਅ ਾਂ ਅ ਨ ੁ ਸ ਾ ਰ ਇਸਦੀਸਮੀਖਿਆਕਰੇਗੀ ਪਰ ਅਜਿਹਾ ਨਹੀਂ ਕੀਤਾ ਗਿਆ। ਸਰਦਾਰਨੀ ਬਾਦਲ ਨੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ 850 ਕਿਸਾਨਾਂ ਦੇਪਰਿਵਾਰ ਨੂੰ ਢੁਕਵਾਂ ਮੁਆਵਜ਼ਾ ਦੇਣ ਦੀ ਮੰਗ ਵੀ ਉਠਾਈ ਅਤੇ ਕਿਸਾਨ ਅੰਦੋਲਨ ਦੌਰਾਨ ਜਿਹੜੇ ਕਿਸਾਨਾਂ ਖਿਲਾਫ ਕੇਸ ਦਰਜ ਕੀਤੇ ਗਏ ਸਨ, ਉਹ ਸਾਰੇ ਵਾਪਸ ਲੈਣ ਦੀ ਮੰਗ ਵੀ ਕੀਤੀ।

ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਸਰਕਾਰ ਨੇ 2019 ਵਿਚ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਸਾਰੇ ਬੰਦੀ ਸਿੰਘ ਰਿਹਾਅ ਕਰਨ ਦਾ ਫੈਸਲਾ ਲਿਆ ਸੀ ਤੇ ਨਾਲ ਹੀ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿਚ ਬਦਲਣ ਦਾ ਐਲਾਨ ਕੀਤਾ ਸੀ ਤਾਂ ਜੋ ਉਹ ਰਿਹਾਅ ਹੋ ਸਕਣ। ਉਹਨਾਂ ਕਿਹਾ ਕਿ ਬੰਦੀ ਸਿੰਘਾਂ ਦੇ ਨਾਵਾਂ ਦੀ ਸ਼ਮੂਲੀਅਤ ਵਾਲਾ ਵਿਸਥਾਰਿਤ ਹੁਕਮ ਹੋਣ ਦੇ ਬਾਵਜੂਦ ਇਹਨਾਂ ਨੂੰ ਹੁਣ ਤੱਕ ਲਾਗੂ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਇਸ ਨਾਲ ਸਿੱਖ ਕੌਮ ਵਿਚ ਗਲਤ ਸੰਦੇਸ਼ ਜਾ ਰਿਹਾ ਹੈ ਤੇ ਅਸੀਂ ਮੰਗ ਕਰਦੇ ਹਾਂ ਕਿ ਸਾਰੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

ਮੈਂਬਰ ਪਾਰਲੀਮੈਂਟ ਨੇ ਇਹ ਵੀ ਮੰਗ ਕੀਤੀ ਕਿ ਪ੍ਰੋ। ਦਵਿੰਦਰਪਾਲ ਸਿੰਘ ਭੁੱਲਰ ਨੂੰ ਵੀ ਤੁਰੰਤ ਰਿਹਾਅ ਕੀਤਾ ਜਾਵੇ ਕਿਉਂਕਿ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਪਿਛਲੇ 8 ਮਹੀਨਿਆਂ ਤੋਂ ਹੁਕਮਾਂ 'ਤੇ ਹਸਤਾਖਰ ਨਾਕਰਨ ਕਾਰਨ ਉਹ ਰਿਹਾਅ ਨਹੀਂ ਹੋ ਰਹੇ।

## ਸੰਯੁਕਤ ਰਾਸਟਰ ਸੁਰੱਖਿਆ ਪ੍ਰੀਸ਼ਦ ਵਿਚ ਅਮਰੀਕਾ ਅਤੇ ਆਇਰਲੈਂਡ ਦੇ ਪ੍ਰਸਤਾਵ ਤੋਂ ਭਾਰਤ ਨੇ ਦੂਰੀ ਬਣਾਈ

ਯੂ.ਐਨ., 12 ਦਸੰਬਰ (ਪੋਸਟ ਬਿਊਰੋ)- ਸੰਯੁਕਤ ਰਾਸਟਰ ਸੁਰੱਖਿਆ ਪ੍ਰੀਸਦ ਵਿਚ ਅਮਰੀਕਾ ਅਤੇ ਆਇਰਲੈਂਡ ਵੱਲੋਂ ਲਿਆਂਦੇ ਗਏ ਮਤੇ ਤੋਂ ਭਾਰਤ ਦੂਰ ਰਿਹਾ। ਅਮਰੀਕਾ ਅਤੇ ਆਇਰਲੈਂਡ ਨੇ ਪਾਬੰਦੀਸੁਦਾ ਦੇਸਾਂ ਵਿਚ ਮਨੁੱਖੀ ਸਹਾਇਤਾ ਨੂੰ ਛੋਟ ਦੇਣ ਦਾ ਪ੍ਰਸਤਾਵ ਪਾਸ ਕੀਤਾ ਸੀ।

ਪ੍ਰਸਤਾਵ 'ਤੇ ਵੋਟਿੰਗ ਦੌਰਾਨ ਪਾਕਿ-ਸਤਾਨ ਦਾ ਹਵਾਲਾ ਦਿੰਦਿਆਂ ਭਾਰਤ ਨੇ ਕਿਹਾ ਕਿ ਪਾਬੰਦੀਸ਼ੁਦਾ ਦੇਸ਼ ਦੇ ਅੱਤਵਾਦੀ ਸੰਗਠਨਾਂ ਖਾਸ ਤੌਰ 'ਤੇ ਉਸ ਦੇ ਗੁਆਂਢੀ ਦੇਸ਼ ਨੂੰ ਫੰਡ ਇਕੱਠਾ ਕਰਨ ਅਤੇ ਅੱਤਵਾਦੀਆਂ ਦੀ ਨਵੀਂ ਬਹਾਲੀ ਕਰਨ ਵਿਚ ਇਸ ਮਤੇ ਤੋਂ ਮਦਦ ਮਿਲ ਸਕਦੀ ਹੈ।

ਯੂ.ਐੱਸ. ਅਤੇ ਆਇਰਲੈਂਡ ਦੁਆਰਾ ਪੇਸ ਕੀਤੇ ਗਏ ਪ੍ਰਸਤਾਵ ਵਿਚ ਕਿਸੇ ਵੀ ਦੇਸ ਦੀ ਮਾਨਵਤਾਵਾਦੀ ਸਹਾਇਤਾ ਦੇ ਸਮੇਂ ਫੰਡਾਂ ਅਤੇ ਹੋਰ ਵਿੱਤੀ ਸੰਪਤੀਆਂ ਤੋਂ ਇਲਾਵਾ ਵਸਤੂਆਂ ਅਤੇ ਸੇਵਾਵਾਂ ਦਾ ਭੁਗਤਾਨ ਕਰਨ ਦੀ ਲੋੜ ਹੈ ਅਤੇ ਇਸਨੂੰ ਸੰਯੁਕਤ ਰਾਸਟਰ ਦੁਆਰਾ ਲਗਾਈ ਗਈ ਪਾਬੰਦੀ ਕਮੇਟੀ ਅਤੇ ਜਾਇਦਾਦ ਨੂੰ ਫ੍ਰੀਜ ਕਰਨ ਦੀ ਉਲੰਘਣਾ ਨਹੀਂ ਮੰਨਿਆ ਜਾਵੇਗਾ।

ਸੁੱਕਰਵਾਰ ਨੂੰ ਪੇਸ ਕੀਤੇ ਗਏ ਇਸ ਪ੍ਰਸਤਾਵ ਨੂੰ ਸੰਯੁਕਤ ਰਾਸਟਰ ਸੁਰੱਖਿਆ ਪ੍ਰੀਸਦ ਦੇ 15 ਵਿੱਚੋਂ 14 ਦੇਸਾਂ ਨੇ ਸਮਰਥਨ ਦਿੱਤਾ। ਸਿਰਫ ਭਾਰਤ ਹੀ ਗੈਰਹਾਜਰ ਰਿਹਾ। ਮਤਾ ਪਾਸ ਹੋਣ ਤੋਂ ਬਾਅਦ ਅਮਰੀਕਾ ਨੇ ਕਿਹਾ ਕਿ ਇਸ ਮਤੇ ਨਾਲ ਅਣਗਿਣਤ ਲੋਕਾਂ ਦੀ ਜਾਨ ਬਚ ਜਾਵੇਗੀ। ਪਰਿਸਦ ਦੀ ਪ੍ਰਧਾਨ ਅਤੇ ਸੰਯੁਕਤ ਰਾਸਟਰ ਵਿੱਚ ਭਾਰਤ ਦੀ ਸਥਾਈ ਪ੍ਰਤੀਨਿਧੀ ਰੁਚਿਰਾ ਕੰਬੋਜ ਨੇ ਆਪਣੇ ਦੇਸ ਦੇ ਵੋਟ ਦੀ ਵਿਆਖਿਆ ਕਰਦੇ ਹੋਏ ਕਿਹਾ ਕਿ "ਸਾਡੀਆਂ ਚਿੰਤਾਵਾਂ ਅੱਤਵਾਦੀ ਸਮੂਹਾਂ ਦੁਆਰਾ ਅਜਿਹੀ ਮਾਨਵਤਾਵਾਦੀ ਸਹਾਇਤਾ ਦਾ ਪੂਰਾ ਫਾਇਦਾ ਉਠਾਉਣ ਦੀਆਂ ਸਾਬਤ ਹੋਈਆਂ ਉਦਾਹਰਣਾਂ ਤੋਂ ਪੈਦਾ ਹੁੰਦੀਆਂ ਹਨ, ਅਤੇ 1267 ਪ੍ਰਤੀਬੰਦ ਕਮੇਟੀ ਸਮੇਤ ਪ੍ਰਤੀਬੰਧ ਵਿਵਸਥਾਵਾਂ ਦਾ ਇਹ ਮਜ਼ਾਕ ਉਡਾਉਂਦੀ ਹੈ। ਕੰਬੋਜ ਨੇ ਅਸਿੱਧੇ ਤੌਰ 'ਤੇ ਪਾਕਿਸਤਾਨ ਅਤੇ ਉਸ ਦੀ ਧਰਤੀ 'ਤੇ ਮੌਜੂਦ ਅੱਤਵਾਦੀ ਸੰਗਠਨਾਂ ਦਾ ਵੀ ਜ਼ਿਕਰ ਕੀਤਾ।

Public Notice

Region of Peel
working with you

## Notice to members of the public wishing to serve on the Regional Municipality of Peel Police Services Board

The Regional Municipality of Peel invites applications from members of the public who are interested in serving as a Citizen Appointee to the Peel Regional Police Services Board (PPSB) for a term ending November 14, 2026, or until a successor is appointed by Regional Council.

The PPSB is responsible for the provisions of police services, law enforcement and crime prevention within Peel region.

### Minimum eligibility requirements:

A candidate shall be a resident of the Peel region or the owner or tenant of land in the Peel region, or spouse of such person; and a Canadian citizen at least 18 years of age.

A candidate shall not be a member of the Legislative Assembly, the Senate or House of Commons; an elected official of Council; a member of Regional Council; a crown employee; an employee of a municipality; a judge, or justice of the peace; otherwise disqualified from holding office or voting; a police officer; and a person who practices criminal law as a defence counsel.

### Preferred qualifications:

Have skills or leadership in a business or a profession which demonstrate ability to work effectively as a member of a board; have demonstrated history of community service; be of good character (candidates will be required to provide, as a condition of appointment, confirmation that they do not have a criminal record for which a pardon has not been granted); have specific knowledge or experience which may be an asset to the Board (e.g., finance or human resources); have ability to devote up to 20 hours per month to PPSB matters, including availability during normal business hours.

Information regarding the PPSB, including the meeting schedule and the *Police Services Act* and Members of Police Services Boards Code of Conduct is available at **peelpoliceboard.ca**

Visit the Region of Peel website to apply: peelregion.ca/news/notices/2022

Application deadline: **January 4, 2023 at 4:30 p.m.**

Only those selected for an interview will be contacted. Interviews of selected applicants will take place in early 2023.

## ਵਿਕਸਤ ਦੇਸ਼ ਜਲਵਾਯੂ ਪਰਿਵਰਤਨ ਬਾਰੇ ਗੱਲ ਕਰਨ ਲਈ ਤਿਆਰ ਨਹੀਂ ਜਾਪਦੇ: ਐਸ ਜੈਸ਼ੰਕਰ

ਨਵੀਂ ਦਿੱਲੀ, 12 ਦਸੰਬਰ (ਪੋਸਟ ਬਿਊਰੋ)- ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਸੋਮਵਾਰ ਨੂੰ ਕਿਹਾ ਕਿ ਜਲਵਾਯੂ ਪਰਿਵਰਤਨ ਲਈ ਜ਼ਿੰਮੇਵਾਰ ਦੇਸ਼ਾਂ ਨੂੰ ਗਲੋਬਲ ਵਾਰਮਿੰਗ ਨੂੰ ਵਧਣ ਤੋਂ ਰੋਕਣ ਲਈ ਤੇਜ਼ੀ ਨਾਲ ਕੰਮ ਕਰਨ ਅਤੇ ਕੰਮ ਕਰਨ ਦੀ ਲੋੜ ਹੈ। ਅਬੂ ਧਾਬੀ ਵਿੱਚ ਜਲਵਾਯੂ, ਵਿੱਤ ਅਤੇ ਤਕਨਾਲੋਜੀ ਬਾਰੇ ਇੰਡੀਆ ਗਲੋਬਲ ਫੋਰਮ ਯੂਏਈ ਸੰਮੇਲਨ ਨੂੰ ਸੰਬੋਧਨ ਕਰਦਿਆਂ, ਜੈਸ਼ੰਕਰ ਨੇ ਜਲਵਾਯੂ ਬਹਿਸ ਦੇ ਦੋਵਾਂ ਪੱਖਾਂ ਵਿੱਚ ਅੰਤਰ ਵੱਲ ਇਸ਼ਾਰਾ ਕੀਤਾ। ਇਸ ਦੇ ਤਹਿਤ, ਉਨ੍ਹਾਂ ਜਲਵਾਯੂ ਕਾਰਵਾਈ ਅਤੇ ਹਰੇ ਵਿਕਾਸ ਦੀ ਸੰਭਾਵਨਾ ਨੂੰ ਰੇਖਾਂਕਿਤ ਕੀਤਾ, ਅਤੇ ਦੂਜਾ "ਸਖਤ" ਹਿੱਸਾ, ਜਲਵਾਯੂ ਨਿਆਂ, ਜਿਸ ਲਈ ਵਿਕਾਸਸ਼ੀਲ ਦੁਨੀਆਂ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਦੀ ਲੋੜ ਹੈ।

ਜੈਸ਼ੰਕਰ ਨੇ ਕਿਹਾ, "ਮਹੱਤਵਪੂਰਨ ਗੱਲ ਇਹ ਹੈ ਕਿ ਜਿਹੜੇ ਲੋਕ ਕਾਰਬਨ ਸਪੇਸ 'ਤੇ ਕਬਜ਼ਾ ਕਰ ਰਹੇ ਹਨ, ਉਹ ਵਾਅਦਾ ਕਰਦੇ ਰਹੇ ਹਨ ਕਿ ਉਹ ਦੂਜਿਆਂ ਦੀ ਮਦਦ ਕਰਨਗੇ ਅਤੇ ਸਪੱਸ਼ਟ ਤੌਰ 'ਤੇ ਉਨ੍ਹਾਂ ਨੇ ਦੁਨੀਆ ਨੂੰ ਤੇਜ਼ੀ ਨਾਲ ਬਦਲ ਦਿੱਤਾ ਹੈ।" ਉਹ ਹਰ ਛੋਫ (ਕਾਨਫਰੰਸ ਆਫ ਪਾਰਟੀਜ਼) ਜੋ ਰਾਹ ਵਿੱਚ ਰੁਕਾਵਟ ਬਣਾਉਂਦੀਆਂ ਹਨ। ਇਸ ਲਈ, ਅਸਲ ਸਮੱਸਿਆ ਜਿਸ ਦਾ ਤੁਸੀਂ ਅੱਜ ਸਾਹਮਣਾ ਕਰ ਰਹੇ ਹੋ, ਉਹ ਸੀਓਪੀ ਵਿਚ ਪੈਦਾ ਹੋ ਗਈ ਹੈ। ਵਿਕਸਤ ਦੇਸ਼ ਅਜੇ ਵੀ ਆਪਣੇ ਵਾਅਦੇ ਨਿਭਾਉਣ ਪ੍ਰਤੀ ਗੰਭੀਰ ਨਹੀਂ ਹਨ। ਨਿਰਾਸ਼ਾ ਵਧ ਰਹੀ ਹੈ, ਕਿਉਂਕਿ ਸੰਸਾਰ ਸਪੱਸ਼ਟ ਤੌਰ 'ਤੇ ਵਿਗੜ ਰਿਹਾ ਹੈ। ਜੈਸ਼ੰਕਰ ਨੇ ਕਿਹਾ, "ਅੱਜ ਤੁਹਾਨੂੰ ਅਸਲ ਸਮੱਸਿਆ ਜਿਸ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਹੀ ਸਮੱਸਿਆ ਹੈ ਜੋ ਅਸੀਂ ਪਹਿਲਾਂ ਕਈ ਪਾਰਟੀਆਂ ਦੇ ਸੰਮੇਲਨ ਕਰ ਚੁੱਕੇ ਹਨ। ਵਿਕਸਤ ਦੇਸ਼ ਅਜੇ ਵੀ ਆਪਣੇ ਵਾਅਦਿਆਂ ਨੂੰ ਨਿਭਾਉਣ ਪ੍ਰਤੀ ਸੁਹਿਰਦ ਨਹੀਂ ਹਨ। ਜਲਵਾਯੂ ਸੰਬੰਧੀ ਘਟਨਾਵਾਂ ਜਿੰਨੀਆਂ ਜ਼ਿਆਦਾ ਸੰਕਟਕਾਲੀਨ ਵਾਪਰਦੀਆਂ ਹਨ, ਅਸੀਂ ਉਨਾਂ ਹੀ ਸਮਝ ਸਕਾਂਗੇ ਕਿ ਵਿਕਸਤ ਦੇਸ਼ ਜਲਵਾਯੂ ਮੁੱਦੇ 'ਤੇ ਗੱਲ ਕਰਨ ਲਈ ਤਿਆਰ ਨਹੀਂ ਹਨ।"



ਵਿਦੇਸ਼ ਮੰਤਰੀ ਨੇ "ਵੱਡੇ ਉਤਸਰਜਨਾਂ" ਵਰਗੀਆਂ ਪਛਾਣਾਂ ਵਾਲੇ ਦੇਸ਼ਾਂ ਨੂੰ ਨਿਸ਼ਾਨਾ ਬਣਾਉਣ ਅਤੇ ਉਲਝਾਉਣ ਲਈ ਕੁਝ ਜਲਵਾਯੂ ਭਾਸ਼ਣ ਦੀ ਵੀ ਆਲੋਚਨਾ ਕੀਤੀ। ਸੰਯੁਕਤ ਅਰਬ ਅਮੀਰਾਤ (ਯੂਏਈ) ਦੇ ਰਾਸ਼ਟਰਪਤੀ ਦੇ ਡਿਪਲੋਮੈਟਿਕ ਸਲਾਹਕਾਰ ਡਾ. ਅਨਵਰ ਮੁਹੰਮਦ ਗਰਗਸ਼ ਨਾਲ ਗੱਲਬਾਤ ਵਿੱਚ ਜੈਸ਼ੰਕਰ ਨੇ ਦੁਨੀਆ ਦੀਆਂ ਦੋ ਵੱਡੀਆਂ ਵੰਡਾਂ ਨੂੰ ਵੀ ਉਜਾਗਰ ਕੀਤਾ - ਪੂਰਬ-ਪੱਛਮੀ ਵੰਡ ਯੂਕਰੇਨ ਦੇ ਆਲੇ-ਦੁਆਲੇ ਕੇਂਦਰਿਤ ਅਤੇ ਉੱਤਰ-ਦੱਖਣੀ ਵੰਡ ਵਿਕਾਸ ਦੇ ਦੁਆਲੇ ਕੇਂਦਰਿਤ ਹੈ। ਫੋਰਮ ਨੂੰ ਸੰਬੋਧਨ ਕਰਦਿਆਂ ਜੈਸ਼ੰਕਰ ਨੇ ਕਿਹਾ, "ਯੂਕਰੇਨ ਦਾ ਵਿਕਾਸ 'ਤੇ ਵੀ ਅਸਰ ਪੈ ਰਿਹਾ ਹੈ। ਮੇਰਾ ਮੰਨਣਾ ਹੈ ਕਿ ਭਾਰਤ ਇਸ ਪਾੜੇ ਨੂੰ ਪੂਰਾ ਕਰਨ ਲਈ ਇਕੱਲਾ ਨਹੀਂ ਬਲਕਿ ਯੂਏਈ ਵਰਗੇ ਦੇਸ਼ਾਂ ਨਾਲ ਮਿਲ ਕੇ ਭੂਮਿਕਾ ਨਿਭਾ ਸਕਦਾ ਹੈ। ਅੱਜ ਇਸ ਪਾੜੇ ਨੂੰ ਪੂਰਾ ਕਰਨ ਦੀ ਲੋੜ ਹੈ।

## ਅਰੁਣਾਚਲ ਵਿਚ ਐਲਏਸੀ ਨੇੜੇ ਭਾਰਤੀ ਫੌਜ ਅਤੇ ਚੀਨੀ ਸੈਨਿਕਾਂ ਵਿਚਕਾਰ ਝੜਪ, ਦੋਵਾਂ ਪਾਸਿਆਂ ਦੇ ਕਈ ਸੈਨਿਕ ਜ਼ਖਮੀ

ਨਵੀਂ ਦਿੱਲੀ, 12 ਦਸੰਬਰ (ਪੋਸਟ ਬਿਊਰੋ)- ਅਰੁਣਾਚਲ ਪ੍ਰਦੇਸ਼ 'ਚ ਅਸਲ ਕੰਟਰੋਲ ਰੇਖਾ (ਐਲਏਸੀ) 'ਤੇ ਭਾਰਤੀ ਅਤੇ ਚੀਨੀ ਫੌਜੀਆਂ ਵਿਚਾਲੇ ਝੜਪ ਹੋਣ ਦੀ ਖਬਰ ਹੈ। ਜਾਣਕਾਰੀ ਅਨੁਸਾਰ ਤਵਾਂਗ ਸੈਕਟਰ ਵਿੱਚ ਐਲਏਸੀ 'ਤੇ ਦੋਵਾਂ ਸੈਨਾਵਾਂ ਵਿਚਾਲੇ ਇਹ ਝੜਪ 9 ਦਸੰਬਰ ਦੀ ਰਾਤ ਨੂੰ ਹੋਈ ਸੀ। ਇਸ ਝੜਪ ਵਿੱਚ ਦੋਵੇਂ ਫ਼ੌਜਾਂ ਦੇ ਜਵਾਨਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਇਸ ਝੜਪ ਤੋਂ ਬਾਅਦ ਭਾਰਤ ਦੇ ਕਮਾਂਡਰਾਂ ਨੇ ਸ਼ਾਂਤੀ ਬਹਾਲ ਕਰਨ ਲਈ ਚੀਨ ਦੇ ਕਮਾਂਡਰ ਨਾਲ ਫਲੈਗ ਮੀਟਿੰਗ ਕੀਤੀ। ਜਿਸ ਤੋਂ ਬਾਅਦ ਮਾਮਲਾ ਸੁਲਝਾ ਲਿਆ ਗਿਆ।



ਹਾਲਾਂਕਿ, ਇੱਕ ਸੂਤਰ ਨੇ ਸੰਕੇਤ ਦਿੱਤਾ ਕਿ 200 ਤੋਂ ਵੱਧ ਚੀਨੀ ਸੈਨਿਕ ਸ਼ਾਮਲ ਸਨ। ਉਹ ਡੰਡੇ ਲੈ ਕੇ ਜਾ ਰਹੇ ਸਨ ਅਤੇ ਚੀਨ ਵਾਲੇ ਪਾਸੇ ਜ਼ਖਮੀਆਂ ਦੀ ਗਿਣਤੀ ਜ਼ਿਆਦਾ ਹੋ ਸਕਦੀ ਹੈ। ਹਾਲਾਂਕਿ ਇਸ 'ਤੇ ਕੋਈ ਅਧਿਕਾਰਤ ਬਿਆਨ ਨਹੀਂ ਆਇਆ ਹੈ। ਜਾਣਕਾਰੀ ਮੁਤਾਬਕ ਚੀਨ ਦੀ ਪੀਪਲਜ਼ ਲਿਬਰੇਸ਼ਨ ਆਰਮੀ ਤਵਾਂਗ ਵਿੱਚ ਐਲਏਸੀ ਤੱਕ ਪਹੁੰਚਣਾ ਚਾਹੁੰਦੀ ਸੀ। ਚੀਨੀ ਸੈਨਿਕਾਂ ਦੇ ਇਸ ਕਦਮ ਦਾ ਉੱਥੇ ਤਾਇਨਾਤ ਭਾਰਤੀ ਸੈਨਿਕਾਂ ਨੇ ਸਖ਼ਤ ਵਿਰੋਧ ਕੀਤਾ। ਇਸ ਦੌਰਾਨ ਦੋਹਾਂ ਫੌਜਾਂ ਵਿਚਾਲੇ ਝੜਪ ਵੀ ਹੋਈ। ਹਾਲਾਂਕਿ, ਭਾਰਤ ਦੇ ਸੈਨਿਕਾਂ ਨੇ ਐਲਏਸੀ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਚੀਨੀ ਬਲਾਂ ਨੂੰ ਪਿੱਛੇ ਧੱਕ ਦਿੱਤਾ। ਭਾਰਤੀ ਫੌਜ ਨੇ ਇੱਕ ਬਿਆਨ ਵਿੱਚ ਕਿਹਾ, "9 ਦਸੰਬਰ ਨੂੰ ਤਵਾਂਗ ਸੈਕਟਰ ਵਿੱਚ ਐਲਏਸੀ ਦੇ ਨਾਲ ਪੀਐਲਏ ਦੇ ਜਵਾਨਾਂ ਨਾਲ ਝੜਪ ਹੋਈ ਸੀ। ਸਾਡੇ ਸੈਨਿਕਾਂ ਨੇ ਦ੍ਰਿੜਤਾ ਨਾਲ ਚੀਨੀ ਸੈਨਿਕਾਂ ਦਾ ਸਾਹਮਣਾ ਕੀਤਾ। ਇਸ ਝੜਪ ਵਿਚ ਦੋਵਾਂ ਪਾਸਿਆਂ ਦੇ ਕੁਝ ਜਵਾਨਾਂ ਨੂੰ ਮਾਮੂਲੀ ਸੱਟਾਂ ਲੱਗੀਆਂ। ਫੌਜ ਨੇ ਆਪਣੇ ਬਿਆਨ ਵਿੱਚ ਕਿਹਾ, "ਦੋਵੇਂ ਪੱਖ ਤੁਰੰਤ ਖੇਤਰ ਤੋਂ ਪਿੱਛੇ ਹਟ ਗਏ। ਇਸ ਤੋਂ ਬਾਅਦ, ਸਾਡੇ ਕਮਾਂਡਰ ਨੇ ਸਥਾਪਤ ਵਿਧੀਆਂ ਦੇ ਅਨੁਸਾਰ ਸ਼ਾਂਤੀ ਬਹਾਲ ਕਰਨ ਲਈ ਚੀਨੀ ਹਮਰੁਤਬਾ ਨਾਲ 'ਫਲੈਗ ਮੀਟਿੰਗ' ਕੀਤੀ।

## ਇਲੈਕਟ੍ਰਾਨਿਕ ਡਿਵਾਈਸ ਲਗਾ ਕੇ ਬਿਜਲੀ ਦੇ ਮੀਟਰ ਹੌਲੀ ਕਰਦੇ ਸਨ, ਯੂ.ਪੀ. ਐੱਸ.ਟੀ.ਐੱਫ. ਨੇ ਫੜ੍ਹਿਆ ਗਿਰੋਹ

ਉੱਤਰ ਪ੍ਰਦੇਸ, 12 ਦਸੰਬਰ (ਪੋਸਟ ਬਿਊਰੋ)- ਐਸਟੀਐਫ ਨੇ ਇੱਕ ਅਜਿਹੇ ਗਿਰੋਹ ਨੂੰ ਫੜ੍ਹਿਆ ਹੈ, ਜੋ ਇਲੈਕਟ੍ਰਾਨਿਕ ਚਿਪ ਅਤੇ ਡਿਵਾਈਸ ਲਗਾ ਕੇ ਬਿਜਲੀ ਮੀਟਰਾਂ ਦੀ ਰੀਡਿੰਗ ਘੱਟ ਕਰਦਾ ਸੀ। ਐਸਟੀਐਫ ਨੇ ਲਖਨਊ ਦੇ ਆਸ਼ਿਆਨਾ ਤੋਂ ਗਿਰੋਹ ਦੇ ਮੁਖੀ ਸਮੇਤ 5 ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਗਿਰੋਹ ਦੇ ਮੈਂਬਰ ਲਖਨਊ ਅਤੇ ਆਸਪਾਸ ਦੇ ਜ਼ਿਲਿਆਂ ਵਿਚ ਬਿਜਲੀ ਮੀਟਰਾਂ ਵਿਚ ਚਿਪ ਅਤੇ ਹੋਰ ਯੰਤਰ ਲਗਾ ਕੇ ਰੀਡਿੰਗ ਹੌਲੀ ਕਰ ਦਿੰਦੇ ਸਨ। ਇਸ ਦੇ ਬਦਲੇ ਇਹ ਗਿਰੋਹ ਮੋਟੀ ਰਕਮ ਲੈ ਲੈਂਦਾ ਸੀ।



ਐੱਸ.ਟੀ.ਐੱਫ. ਨੇ ਗਿਰੋਹ ਕੋਲੋਂ ਵੱਖ-ਵੱਖ ਕੰਪਨੀਆਂ ਦੇ 578 ਬਿਜਲੀ ਮੀਟਰ ਅਤੇ 556 ਸਰਿੰਜਾਂ ਬਰਾਮਦ ਕੀਤੀਆਂ ਹਨ। ਗਿਰੋਹ ਦੇ ਮੈਂਬਰ ਇਨ੍ਹਾਂ ਸਰਿੰਜਾਂ ਦੀ ਮਦਦ ਨਾਲ ਮੀਟਰ ਨਾਲ ਛੇੜਛਾੜ ਕਰਦੇ ਸਨ। ਇਸ ਤੋਂ ਇਲਾਵਾ 65 ਰਿਮੋਟ ਅਤੇ 539 ਚਿਪ ਬਰਾਮਦ ਕੀਤੇ ਗਏ ਹਨ। ਇਸ ਦੇ ਨਾਲ ਹੀ ਤਿੰਨ ਇਲੈਕਟ੍ਰਿਕ ਮਸ਼ੀਨ ਮੈਗਨੇਟ੍ਰੋਨ ਵੀ ਮੀਟਰ ਦੀ ਡਿਸਪਲੇ ਨੂੰ ਖਰਾਬ ਕਰਨ ਦਾ ਪਤਾ ਲੱਗਾ ਹੈ।

ਯੂਪੀ ਐਸਟੀਐਫ ਨੇ ਸਤੀਸ਼ ਸ਼ਰਮਾ ਵਾਸੀ ਆਲਮਨਗਰ, ਲਖਨਊ, ਅਲੀ ਉਮਰ, ਅਰਜੁਨ ਪ੍ਰਸਾਦ ਵਾਸੀ ਮਦਿਆਵ, ਸੋਨੂੰ ਪਾਲ ਉਰਫ਼ ਸਮੀਰ ਵਾਸੀ ਆਸ਼ਿਆਨਾ ਅਤੇ ਰਮਨ ਗੌਤਮ ਵਾਸੀ ਸੀਤਾਪੁਰ ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਸਾਰਿਆਂ ਖਿਲਾਫ ਮਾਮਲਾ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ।

## ਰਾਜਸਥਾਨ ਦੇ ਕੋਟਾ 'ਚ 3 ਕੋਚਿੰਗ ਵਿਦਿਆਰਥੀਆਂ ਕੀਤੀ ਖੁਦਕੁਸ਼ੀ

ਜੈਪੁਰ, 12 ਦਸੰਬਰ (ਪੋਸਟ ਬਿਊਰੋ)- ਰਾਜਸਥਾਨ ਦੇ ਕੋਟਾ 'ਚ ਕੋਚਿੰਗ ਕਰ ਰਹੇ ਤਿੰਨ ਵਿਦਿਆਰਥੀਆਂ ਨੇ ਕਥਿਤ ਤੌਰ 'ਤੇ ਖੁਦਕੁਸ਼ੀ ਕਰ ਲਈ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਵਿਦਿਆਰਥੀਆਂ ਵਿੱਚੋਂ ਦੋ ਬਿਹਾਰ ਅਤੇ ਇੱਕ ਮੱਧ ਪ੍ਰਦੇਸ਼ ਦਾ ਰਹਿਣ ਵਾਲਾ ਹੈ। ਜਿਨ੍ਹਾਂ ਦੀ ਉਮਰ 16, 17 ਅਤੇ 18 ਸਾਲ ਸੀ। ਮ੍ਰਿਤਕ ਵਿਦਿਆਰਥੀਆਂ ਵਿੱਚ ਅੰਕੁਸ਼ ਅਤੇ ਉੱਜਵਲ ਦੋਵੇਂ ਵਿਦਿਆਰਥੀ ਬਿਹਾਰ ਦੇ ਰਹਿਣ ਵਾਲੇ ਸਨ, ਜੋ ਇੱਕੋ ਹੋਸਟਲ ਵਿੱਚ ਰਹਿੰਦੇ ਸਨ। ਇਕ ਇੰਜੀਨੀਅਰਿੰਗ ਦੀ ਕੋਚਿੰਗ ਕਰ ਰਿਹਾ ਸੀ ਜਦਕਿ ਦੂਜਾ ਮੈਡੀਕਲ ਦੀ ਤਿਆਰੀ ਕਰ ਰਿਹਾ ਸੀ। ਮੱਧ ਪ੍ਰਦੇਸ਼ ਦਾ ਵਿਦਿਆਰਥੀ ਪ੍ਰਣਵ ਨੀਟ ਦੀ ਤਿਆਰੀ ਕਰਦਾ ਸੀ।

ਮਹੱਤਵਪੂਰਨ ਗੱਲ ਇਹ ਹੈ ਕਿ ਕੋਟਾ ਇੰਜੀਨੀਅਰਿੰਗ ਅਤੇ ਮੈਡੀਕਲ ਪ੍ਰੀਖਿਆਵਾਂ ਦੀ ਤਿਆਰੀ ਲਈ ਪੂਰੇ ਦੇਸ਼ ਵਿੱਚ ਮਸ਼ਹੂਰ ਹੈ। ਹਾਲਾਂਕਿ, ਹਾਲ ਹੀ ਦੇ ਸਮੇਂ ਵਿੱਚ ਵਿਦਿਆਰਥੀਆਂ ਵੱਲੋਂ ਖੁਦਕੁਸ਼ੀ ਦੇ ਕਈ ਮਾਮਲੇ ਸਾਹਮਣੇ ਆਏ ਹਨ। ਕੁਝ ਦਿਨ ਪਹਿਲਾਂ ਖ਼ੁਦਕੁਸ਼ੀ ਦੇ ਵਧਦੇ ਮਾਮਲਿਆਂ ਨੂੰ ਦੇਖਦਿਆਂ ਪ੍ਰਸ਼ਾਸਨ ਨੇ ਇਕ ਖ਼ੁਦਕੁਸ਼ੀ ਹੌਟਲਾਈਨ ਸਥਾਪਤ ਕੀਤੀ ਸੀ, ਜਿੱਥੇ ਕਾਊਂਸਲਿੰਗ ਲਈ ਕਾਲ ਕੀਤੀ ਜਾ ਸਕਦੀ ਹੈ। ਵਿਦਿਆਰਥੀਆਂ ਦੇ ਪੱਖ ਤੋਂ ਅਕਸਰ ਤਣਾਅ ਦੀ ਸ਼ਿਕਾਇਤ ਹੁੰਦੀ ਰਹੀ ਹੈ।

ਵਿਦਿਆਰਥੀਆਂ ਵਲੋਂ ਲਗਾਤਾਰ ਇਹ ਸ਼ਿਕਾਇਤ ਕੀਤੀ ਜਾਂਦੀ ਰਹੀ ਹੈ ਕਿ ਇਨ੍ਹਾਂ ਕੋਚਿੰਗ ਸੰਸਥਾਵਾਂ ਵੱਲੋਂ ਲੰਬੀਆਂ ਕਲਾਸਾਂ ਅਤੇ ਭਾਰੀ ਅਸਾਈਨਮੈਂਟ ਦਿੱਤੇ ਜਾ ਰਹੇ ਹਨ। ਜਿਸ ਕਾਰਨ ਉਨ੍ਹਾਂ 'ਤੇ ਕਾਫੀ ਦਬਾਅ ਹੈ। ਸਾਲ 2016 'ਚ ਖ਼ੁਦਕੁਸ਼ੀ ਕਰਨ ਤੋਂ ਪਹਿਲਾਂ ਇਕ ਵਿਦਿਆਰਥੀ ਨੇ ਇਹ ਵੀ ਕਿਹਾ ਸੀ ਕਿ ਸਾਰੇ ਕੋਚਿੰਗ ਇੰਸਟੀਚਿਊਟ ਬੰਦ ਕਰ ਦਿੱਤੇ ਜਾਣ।

**Urgently Need New Listings in Brampton/Caledon**

visit: www.teamjagaujla.com



Call **JAG AUJLA**

MCNE, REAL ESTATE BROKER

DIR: 416-371-7777

j.aujla@rogers.com

www.jagaujla.com

Follow Us:

**CALL JAG FOR A QUICK & FREE HOME EVALUATION**

www.BramptonTopRealtor.com www.BramptonTopAgent.com

**URGENTLY NEED NEW LISTINGS IN THIS AREA**

**RECENTLY LISTED/SOLD IN YOUR NEIGHBOURHOOD BY JAG AUJLA**

**HOUSE FOR LEASE IN CALEDON**

**KENNEDY/ NEW HOUSE/ DOUGALL AVE.**

- 2500-3000 sq feet ਦਾ Detached ਘਰ
- $3,700/month (4 ਬੈੱਡਰੂਮ + 1 ਡੇਨ+ 4 ਵਾਸ਼ਰੂਮ)
- ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
- 2nd ਫਲੋਰ ਤੇ 9 ਫੁੱਟ ਦੀ ਸੀਲੀਂਗ
- ਪੂਰਾ ਘਰ $4700/month with unfurnished ਬੇਸਮੈਂਟ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ
- 1ਸਾਲ ਦੀ Lease, Credit Report, Full Rental App.
- First & Last month + Key Deposit

**LISTED IN BRAMPTON**

**MAYFIELD / MCLAUGHLIN**

- Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
- 3+1 ਬੈੱਡਰੂਮ + 4 ਵਾਸ਼ਰੂਮ
- 1 ਬੈੱਡਰੂਮ Legal Finished Basement with Seperate Entrance
- 9 ਫੁੱਟ ਦੀ ਸੀਲੀਂਗ
- ਸਟੈਂਡਰਡ ਓਕ ਸਟੈਅਰ ਕੇਸ
- ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
- ਗ੍ਰੇਨਾਈਟ ਕਾਊਂਟਰਟੌਪਸ ਨਾਲ ਅਪਗ੍ਰੇਡ ਕੀਤੀ ਕਿਚਨ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੂਏਟ ਅਤੇ ਵਾਕ ਇਨ ਅਲਮਾਰੀ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ

**LISTED IN BRAMPTON**

**CASTLEMORE/ HUMBERWEST/AIRPORT**

- 1500-2000 sq feet ਦਾ ਘਰ
- 3+1 ਬੈੱਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
- ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
- Extended ਡਰਾਈਵਵੇਅ
- ਮਾਸਟਰ ਬੈੱਡਰੂਮ ਵਿਚ 4 ਪੀਸੀ ਐਨਸੂਏਟ ਅਤੇ ਵਾਕ ਇਨ ਅਲਮਾਰੀ

**FREE**

- ✓ Full MLS Services
- ✓ Consistently Marketing Your Property Until SOLD
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold
- ✓ Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)

Off: 905-456-3232

Call **JAG AUJLA** DIR: 416-371-7777

MCNE, REAL ESTATE BROKER — NOT INTENDED TO SOLICIT BUYERS OR SELLER CURRENTLY UNDER CONTRACT

SEPTEMBER 2022



**REXDALE BODY SHOP** USED CAR SALE





Specialization In:
- ★ All Kinds of Body Work
- ★ Auto Glass Windshield
- ★ Denting, Painting & Welding

SPECIAL PAINT JOB $779

RENTAL CAR PROVIDED

CHEEMA

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience

OPEN MON - SAT 9AM TO 7PM

LOWEST PRICE IN TOWN — Towing Service Car Paint Starts $799*upto 100% Deductible Paid*

Call Rick or Manminder Cheema: 416.749.9596 /416.951.6431

30 Racine Rd. Toronto, ON, M9W 2Z3, FAX: 416.749.9597

www.AAABODYSHOP.ca

mcheemaaaa@hotmail.com



**Tri-City** Professional Realty Inc., Brokerage. The Future of Real Estate

www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ



NEED MORE LISTINGS

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana

Sales Representative

Tel: 905.793.5777

416.802.5866

31 Melanie Dr. Unit #4 Brampton, ON L6T 5H8

SOLD — $1,399,999 — CASTLEMORE/GOREWAY

SOLD — $1,749,900 — 8337 ਗਲਫ ਲਾਈਨ

401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

SOLD — $1,950,000 — 26 Yellow RomeRd

ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਉਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਉਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017